# ਪਰਮੇਸ਼ੁਰ ਦਾ ਲੇਲਾ, ਉਹ ਸੰਸਾਰ ਦੇ ਪਾਪ ਚੁੱਕ ਕੇ ਲੈ ਜਾਂਦਾ ਹੈ... ਉਸ ਦੇ ਨਾਮ ਉੱਤੇ ਵਿਸ਼ਵਾਸ ਕੀਤਾ

---

**ਅਗਲੇ ਦਿਨ ਯੂਹੰਨਾ ਨੇ ਯਿਸੂ ਨੂੰ ਆਪਣੇ ਵੱਲ ਆਉਂਦਿਆਂ ਵੇਖਿਆ। ਯੂਹੰਨਾ ਨੇ ਆਖਿਆ, "ਵੇਖੋ, ਪਰਮੇਸ਼ੁਰ ਦਾ ਲੇਲਾ, ਉਹ ਸੰਸਾਰ ਦੇ ਪਾਪ ਚੁੱਕ ਕੇ ਲੈ ਜਾਂਦਾ ਹੈ।" ... ਸ਼ਬਦ ਪਹਿਲਾਂ ਤੋਂ ਹੀ ਜਗਤ ਵਿੱਚ ਸੀ, ਉਸ ਰਾਹੀਂ ਜਗਤ ਰਚਿਆ ਗਿਆ, ਪਰ ਜਗਤ ਨੇ ਉਸ ਨੂੰ ਨਹੀਂ ਪਹਿਚਾਣਿਆ। ਉਹ ਆਪਣੇ ਲੋਕਾਂ ਵਿੱਚ ਆਇਆ, ਪਰ ਉਸ ਦੇ ਆਪਣੇ ਹੀ ਲੋਕਾਂ ਨੇ ਉਸ ਨੂੰ ਕਬੂਲ ਨਾ ਕੀਤਾ। ਪਰ ਜਿੰਨਿਆਂ ਨੇ ਉਸ ਨੂੰ ਕਬੂਲ ਕੀਤਾ ਅਤੇ ਉਸ ਦੇ ਨਾਮ ਉੱਤੇ ਵਿਸ਼ਵਾਸ ਕੀਤਾ ਉਸ ਨੇ ਉਹਨਾਂ ਨੂੰ ਪਰਮੇਸ਼ੁਰ ਦੀ ਸੰਤਾਨ ਹੋਣ ਦਾ ਹੱਕ ਦਿੱਤਾ। ਨਾ ਹੀ ਉਹ ਲਹੂ ਤੋਂ, ਨਾ ਹੀ ਸਰੀਰਕ ਇੱਛਾ ਨਾਲ, ਅਤੇ ਨਾ ਹੀ ਮਨੁੱਖਾਂ ਦੀ ਇੱਛਾ ਨਾਲ ਪਰ ਉਹ ਪਰਮੇਸ਼ੁਰ ਤੋਂ ਪੈਦਾ ਹੋਏ ਸਨ।**

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ 3:3, 14-17 (IRV)

# ਪਰਮੇਸ਼ੁਰ ਨੇ ਸੰਸਾਰ ਨੂੰ ਇੰਨ੍ਹਾਂ ਪਿਆਰ ਕੀਤਾ ਅਤੇ ਉਸ ਨੇ ਉਨ੍ਹਾਂ ਨੂੰ ਆਪਣਾ ਇੱਕਲੌਤਾ ਪੁੱਤਰ ਦੇ ਦਿੱਤਾ... ਸੰਸਾਰ ਉਸ ਰਾਹੀਂ ਬਚਾਇਆ ਜਾਵੇ



---

ਯਿਸੂ ਨੇ ਉੱਤਰ ਦਿੱਤਾ, "ਮੈਂ ਤੁਹਾਨੂੰ ਸੱਚ ਆਖਦਾ ਹਾਂ। ਇੱਕ ਮਨੁੱਖ ਉਦੋਂ ਤੱਕ ਪਰਮੇਸ਼ੁਰ ਦੇ ਰਾਜ ਨੂੰ ਨਹੀਂ ਵੇਖ ਸਕਦਾ, ਜਿੰਨਾਂ ਚਿਰ ਉਹ ਨਵੇਂ ਸਿਰਿਓਂ ਨਹੀਂ ਜਨਮ ਲੈਂਦਾ।" ... ਜਿਸ ਤਰ੍ਹਾਂ ਮੂਸਾ ਨੇ ਉਜਾੜ ਵਿੱਚ ਸੱਪ ਨੂੰ ਉੱਚਾ ਕੀਤਾ ਸੀ, ਇਸੇ ਤਰ੍ਹਾਂ ਜ਼ਰੂਰੀ ਹੈ ਕਿ ਮਨੁੱਖ ਦੇ ਪੁੱਤਰ ਨੂੰ ਵੀ ਉੱਚਾ ਕੀਤਾ ਜਾਵੇ। ਇਓਂ ਜੋ ਹਰੇਕ ਵਿਅਕਤੀ, ਜੋ ਮਨੁੱਖ ਦੇ ਪੁੱਤਰ ਉੱਤੇ ਵਿਸ਼ਵਾਸ ਕਰੇ ਉਹ ਸਦੀਪਕ ਜੀਵਨ ਪਾਵੇ।" ਪਰਮੇਸ਼ੁਰ ਨੇ ਸੰਸਾਰ ਨੂੰ ਇੰਨ੍ਹਾਂ ਪਿਆਰ ਕੀਤਾ ਅਤੇ ਉਸ ਨੇ ਉਨ੍ਹਾਂ ਨੂੰ ਆਪਣਾ ਇੱਕਲੌਤਾ ਪੁੱਤਰ ਦੇ ਦਿੱਤਾ ਤਾਂ ਜੋ ਕੋਈ ਵੀ ਉਸ ਵਿੱਚ ਵਿਸ਼ਵਾਸ ਰੱਖੇ ਉਹ ਨਾਸ ਨਾ ਹੋਵੇ ਸਗੋਂ ਸਦੀਪਕ ਜੀਵਨ ਪ੍ਰਾਪਤ ਕਰੇ। ਪਰਮੇਸ਼ੁਰ ਨੇ ਆਪਣੇ ਪੁੱਤਰ ਨੂੰ ਸੰਸਾਰ ਵਿੱਚ ਇਸ ਲਈ ਨਹੀਂ ਭੇਜਿਆ ਕਿ ਦੋਸ਼ੀ ਠਹਿਰਾਵੇ ਸਗੋਂ ਇਸ ਲਈ ਜੋ ਸੰਸਾਰ ਉਸ ਰਾਹੀਂ ਬਚਾਇਆ ਜਾਵੇ।

**Spiritual Warfare Cards.com**

*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ 7:24, 37-39, 43 (IRV)

# ਜੋ ਮੇਰੇ ਤੇ ਵਿਸ਼ਵਾਸ ਕਰੇਗਾ... ਅੰਮ੍ਰਿਤ ਜਲ ਦੇ ਦਰਿਆ ਉਸ ਦੇ ਵਿੱਚੋਂ ਵਗਣਗੇ

---

ਕਿਸੇ ਚੀਜ਼ ਦੇ ਬਾਹਰੀ ਰੂਪ ਤੋਂ ਨਿਆਂ ਨਾ ਕਰੋ ਬਲਕਿ ਜੋ ਠੀਕ ਹੈ ਉਸ ਦੇ ਅਧਾਰ ਤੇ ਨਿਆਂ ਕਰੋ।" ... ਤਿਉਹਾਰ ਦਾ ਅੰਤਿਮ ਦਿਨ ਆਇਆ ਇਹ ਤਿਉਹਾਰ ਦਾ ਸਭ ਤੋਂ ਖ਼ਾਸ ਦਿਨ ਸੀ। ਉਸ ਦਿਨ ਯਿਸੂ ਨੇ ਉੱਚੀ ਅਵਾਜ਼ ਵਿੱਚ ਬੋਲ ਕੇ ਆਖਿਆ, "ਜੇਕਰ ਕੋਈ ਪਿਆਸਾ ਹੈ ਤਾਂ ਉਹ ਮੇਰੇ ਕੋਲੋਂ ਆ ਕੇ ਪੀਵੇ। ਇਹ ਪੋਥੀਆਂ ਵਿੱਚ ਲਿਖਿਆ ਹੈ ਜੋ ਮੇਰੇ ਤੇ ਵਿਸ਼ਵਾਸ ਕਰੇਗਾ ਅੰਮ੍ਰਿਤ ਜਲ ਦੇ ਦਰਿਆ ਉਸ ਦੇ ਵਿੱਚੋਂ ਵਗਣਗੇ।" ਯਿਸੂ ਪਵਿੱਤਰ ਆਤਮਾ ਬਾਰੇ ਬੋਲ ਰਿਹਾ ਸੀ ਕਿ ਜੋ ਉਸ ਤੇ ਵਿਸ਼ਵਾਸ ਕਰਦੇ ਹਨ ਉਹ ਉਸ ਨੂੰ ਪ੍ਰਾਪਤ ਕਰ ਸਕਣਗੇ। ... ਇਸ ਲਈ ਲੋਕਾਂ ਦੀ ਯਿਸੂ ਬਾਰੇ ਆਪਸ ਵਿੱਚ ਫੁੱਟ ਪੈ ਗਈ ਸੀ।



*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ *6:33, 35, 37, 63 (IRV)*

# ਇਹ ਸਰੀਰ ਨਹੀਂ ਹੈ ਜੋ ਜੀਵਨ ਦਿੰਦਾ ਹੈ ਸਗੋਂ ਇਹ ਆਤਮਾ ਹੈ ਜੋ ਜੀਵਨ ਦਿੰਦਾ ਹੈ... ਉਹ ਆਤਮਾ ਹਨ, ਇਸ ਲਈ ਇਹ ਗੱਲਾਂ ਜੀਵਨ ਦਿੰਦੀਆਂ ਹਨ

---

ਪਰਮੇਸ਼ੁਰ ਦੀ ਰੋਟੀ ਉਹ ਹੈ ਜੋ ਸਵਰਗ ਤੋਂ ਆਉਂਦੀ ਹੈ ਅਤੇ ਸੰਸਾਰ ਨੂੰ ਜੀਵਨ ਦਿੰਦੀ ਹੈ।” ... ਯਿਸੂ ਨੇ ਉਨ੍ਹਾਂ ਨੂੰ ਕਿਹਾ “ਮੈਂ ਹੀ ਜੀਵਨ ਦੀ ਰੋਟੀ ਹਾਂ। ਜਿਹੜਾ ਕੋਈ ਮੇਰੇ ਕੋਲ ਆਉਂਦਾ ਹੈ ਕਦੇ ਭੁੱਖਾ ਨਹੀਂ ਰਹੇਗਾ ਅਤੇ ਜਿਹੜਾ ਮੇਰੇ ਤੇ ਵਿਸ਼ਵਾਸ ਕਰਦਾ ਹੈ, ਕਦੇ ਪਿਆਸਾ ਨਹੀਂ ਰਹੇਗਾ। ... ਜਿਨ੍ਹਾਂ ਲੋਕਾਂ ਨੂੰ ਪਰਮੇਸ਼ੁਰ ਭੇਜਦਾ ਹੈ ਉਹ ਮੇਰੇ ਕੋਲ ਆਉਣਗੇ ਅਤੇ ਮੈਂ ਉਸ ਹਰ ਮਨੁੱਖ ਨੂੰ ਸਵੀਕਾਰ ਕਰਾਂਗਾ, ਬਲਕਿ ਉਸ ਨੂੰ ਕੱਢਾਂਗਾ ਨਹੀਂ। ... <u>ਇਹ ਸਰੀਰ ਨਹੀਂ ਹੈ ਜੋ ਜੀਵਨ ਦਿੰਦਾ ਹੈ ਸਗੋਂ ਇਹ ਆਤਮਾ ਹੈ ਜੋ ਜੀਵਨ ਦਿੰਦਾ ਹੈ</u>। ਜੋ ਗੱਲਾਂ ਮੈਂ ਤੁਹਾਨੂੰ ਆਖੀਆਂ ਹਨ <u>ਉਹ ਆਤਮਾ ਹਨ, ਇਸ ਲਈ ਇਹ ਗੱਲਾਂ ਜੀਵਨ ਦਿੰਦੀਆਂ ਹਨ</u>।

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ *11:35-36, 38;* ਮਰਕੁਸ ਦੀ ਇੰਜੀਲ *14:33-36 (IRV)*

# ਵੇਖੋ, ਉਹ ਉਸ ਨਾਲ ਕਿੰਨ੍ਹਾਂ ਪਿਆਰ ਕਰਦਾ ਸੀ।... ਉਹ ਨਾ ਹੋਵੇ ਜਿਹੜਾ ਮੈਂ ਚਾਹੁੰਦਾ ਹਾਂ ਪਰ ਉਹ ਜਿਹੜਾ ਤੂੰ ਚਾਹੁੰਦਾ ਹੈਂ

---

**ਯਿਸੂ ਰੋਇਆ, ਫਿਰ ਯਹੂਦੀਆਂ ਨੇ ਆਖਿਆ, "ਵੇਖੋ, ਉਹ ਉਸ ਨਾਲ ਕਿੰਨ੍ਹਾਂ ਪਿਆਰ ਕਰਦਾ ਸੀ।" ... ਇੱਕ ਵਾਰ ਫੇਰ ਯਿਸੂ ਨੇ ਆਪਣੇ ਮਨ ਵਿੱਚ ਬੜਾ ਦੁੱਖ ਮਹਿਸੂਸ ਕੀਤਾ। ਯਿਸੂ ਲਾਜ਼ਰ ਦੀ ਕਬਰ ਤੇ ਗਿਆ। ... ਉਸ ਨੇ ਪਤਰਸ, ਯਾਕੂਬ ਅਤੇ ਯੂਹੰਨਾ ਨੂੰ ਆਪਣੇ ਨਾਲ ਲਿਆ ਅਤੇ ਪਰੇਸ਼ਾਨ ਅਤੇ ਬਹੁਤ ਦੁੱਖੀ ਹੋਣ ਲੱਗਾ। ਉਸ ਨੇ ਉਨ੍ਹਾਂ ਨੂੰ ਆਖਿਆ, ਮੇਰਾ ਜੀ ਬਹੁਤ ਉਦਾਸ ਹੈ ਸਗੋਂ ਮਰਨ ਦੇ ਦਰਜੇ ਤੱਕ। ਤੁਸੀਂ ਐਥੇ ਠਹਿਰੋ ਅਤੇ ਜਾਗਦੇ ਰਹੋ। ਅਤੇ ਉਹ ਥੋੜ੍ਹਾ ਅੱਗੇ ਵੱਧ ਕੇ ਭੁੰਜੇ ਡਿੱਗ ਪਿਆ ਅਤੇ ਪ੍ਰਾਰਥਨਾ ਕੀਤੀ ਕਿ ਜੇ ਹੋ ਸਕੇ ਤਾਂ ਇਹ ਘੜੀ ਮੇਰੇ ਤੋਂ ਟਲ ਜਾਏ। ਅਤੇ ਉਸ ਨੇ ਆਖਿਆ, ਅੱਬਾ, ਹੇ ਪਿਤਾ, ਤੇਰੇ ਕੋਲੋਂ ਸੱਭੋ ਕੁਝ ਹੋ ਸਕਦਾ ਹੈ। ਇਹ ਪਿਆਲਾ ਮੇਰੇ ਕੋਲੋਂ ਹਟਾ ਦੇ ਤਾਂ ਵੀ ਉਹ ਨਾ ਹੋਵੇ ਜਿਹੜਾ ਮੈਂ ਚਾਹੁੰਦਾ ਹਾਂ ਪਰ ਉਹ ਜਿਹੜਾ ਤੂੰ ਚਾਹੁੰਦਾ ਹੈਂ।**

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ 13:14-17, 20 (IRV)

# ਤੁਸੀਂ ਵੀ ਉਵੇਂ ਕਰ ਸਕੋ ਜਿਵੇਂ ਮੈਂ ਤੁਹਾਡੇ ਨਾਲ ਕੀਤਾ ਹੈ... ਇੱਕ ਦਾਸ ਆਪਣੇ ਮਾਲਕ ਨਾਲੋਂ ਵੱਡਾ ਨਹੀਂ ਹੁੰਦਾ

ਮੈਂ ਤੁਹਾਡਾ ਪ੍ਰਭੂ ਵੀ ਹਾਂ ਅਤੇ ਗੁਰੂ ਵੀ। ਪਰ ਮੈਂ ਤੁਹਾਡੇ ਪੈਰ ਇੱਕ ਸੇਵਕ ਵਾਂਗੂੰ ਧੋਤੇ ਹਨ, ਇਸ ਲਈ ਤੁਹਾਨੂੰ ਵੀ ਚਾਹੀਦਾ ਹੈ ਇੱਕ ਦੂਜੇ ਦੇ ਪੈਰ ਧੋਵੋ। ਮੈਂ ਇਹ ਤੁਹਾਡੇ ਲਈ ਇੱਕ ਨਮੂਨਾ ਦੇਣ ਵਾਸਤੇ ਕੀਤਾ ਹੈ, ਤਾਂ ਜੋ ਤੁਸੀਂ ਵੀ ਉਵੇਂ ਕਰ ਸਕੋ ਜਿਵੇਂ ਮੈਂ ਤੁਹਾਡੇ ਨਾਲ ਕੀਤਾ ਹੈ। ਮੈਂ ਤੁਹਾਨੂੰ ਸੱਚ-ਸੱਚ ਆਖਦਾ ਹਾਂ ਕਿ ਇੱਕ ਦਾਸ ਆਪਣੇ ਮਾਲਕ ਨਾਲੋਂ ਵੱਡਾ ਨਹੀਂ ਹੁੰਦਾ ਅਤੇ ਭੇਜਿਆ ਹੋਇਆ ਆਪਣੇ ਭੇਜਣ ਵਾਲੇ ਤੋਂ ਵੱਡਾ ਨਹੀਂ ਹੁੰਦਾ। ਜੇਕਰ ਤੁਸੀਂ ਇਹ ਗੱਲਾਂ ਜਾਣਦੇ ਹੋ, ਤਾਂ ਜਦੋਂ ਤੁਸੀਂ ਇਹ ਕਰੋਂਗੇ ਤਾਂ ਮੁਬਾਰਕ ਹੋਵੋਂਗੇ। ... ਮੈਂ ਤੁਹਾਨੂੰ ਸੱਚ-ਸੱਚ ਆਖਦਾ ਹਾਂ ਕਿ ਜੋ ਮੇਰੇ ਭੇਜੇ ਹੋਏ ਮਨੁੱਖ ਨੂੰ ਕਬੂਲ ਕਰਦਾ, ਸੋ ਮੈਨੂੰ ਕਬੂਲ ਕਰਦਾ ਹੈ ਅਤੇ ਉਹ ਜੋ ਮੈਨੂੰ ਕਬੂਲ ਕਰਦਾ ਸੋ ਮੇਰੇ ਭੇਜਣ ਵਾਲੇ ਨੂੰ ਕਬੂਲ ਕਰਦਾ ਹੈ।”

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ 14:6, 9, 19; 10:9-11 (IRV)

# ਮੈਂ ਹੀ ਰਾਹ, ਸੱਚਾਈ ਅਤੇ ਜੀਵਨ ਹਾਂ... ਜੋ ਮੈਂ ਜਿਉਂਦਾ ਹਾਂ ਤੁਸੀਂ ਵੀ ਜਿਵਾਲੇ ਜਾਉਂਗੇ

ਯਿਸੂ ਨੇ ਆਖਿਆ, “ਮੈਂ ਹੀ ਰਾਹ, ਸੱਚਾਈ ਅਤੇ ਜੀਵਨ ਹਾਂ। ਮੇਰੇ ਕੋਲ ਆਉਣ ਤੋਂ ਬਿਨ੍ਹਾਂ ਕੋਈ ਪਿਤਾ ਕੋਲ ਨਹੀਂ ਆ ਸਕਦਾ। ... ਯਿਸੂ ਨੇ ਆਖਿਆ, “ਫ਼ਿਲਿੱਪੁਸ ਮੈਂ ਲੰਬੇ ਸਮੇਂ ਲਈ ਤੇਰੇ ਨਾਲ ਸੀ। ਪਰ ਹੁਣ ਵੀ ਤੂੰ ਮੈਨੂੰ ਨਹੀਂ ਜਾਣਦਾ? ਜਿਸ ਮਨੁੱਖ ਨੇ ਮੈਨੂੰ ਵੇਖਿਆ ਹੈ ਉਸ ਨੇ ਪਿਤਾ ਨੂੰ ਵੀ ਵੇਖਿਆ ਹੈ। ਫਿਰ ਤੂੰ ਇਹ ਕਹਿੰਦਾ, ‘ਸਾਨੂੰ ਪਿਤਾ ਦੇ ਦਰਸ਼ਣ ਕਰਾ?’ ... ਇਸ ਸੰਸਾਰ ਦੇ ਲੋਕ ਮੈਨੂੰ ਨਹੀਂ ਵੇਖਣਗੇ ਪਰ ਤੁਸੀਂ ਵੇਖੋਗੇ ਕਿਉਂਕਿ ਜੋ ਮੈਂ ਜਿਉਂਦਾ ਹਾਂ ਤੁਸੀਂ ਵੀ ਜਿਵਾਲੇ ਜਾਉਂਗੇ। ... ਮੈਂ ਦਰਵਾਜ਼ਾ ਹਾਂ, ਜਿਹੜਾ ਆਦਮੀ ਮੇਰੇ ਰਾਹੀਂ ਵੜਦਾ ਹੈ, ਬਚਾਇਆ ਜਾਵੇਗਾ। ਉਹ ਅੰਦਰ-ਬਾਹਰ ਆਇਆ ਜਾਇਆ ਕਰੇਗਾ ਅਤੇ ਉਸ ਨੂੰ ਜੋ ਚਾਹੀਦਾ ਮਿਲ ਜਾਵੇਗਾ। ਚੋਰ, ਚੋਰੀ ਕਰਨ, ਮਾਰਨ ਅਤੇ ਨਾਸ ਕਰਨ ਲਈ ਆਉਂਦਾ ਹੈ, ਪਰ ਮੈਂ ਉਨ੍ਹਾਂ ਨੂੰ ਜੀਵਨ ਦੇਣ ਆਇਆ ਹਾਂ, ਸਗੋਂ ਚੋਖਾ ਜੀਵਨ। ਮੈਂ ਚੰਗਾ ਅਯਾਲੀ ਹਾਂ। ਇੱਕ ਚੰਗਾ ਅਯਾਲੀ ਭੇਡਾਂ ਦੀ ਖਾਤਰ ਆਪਣਾ ਜੀਵਨ ਕੁਰਬਾਨ ਕਰ ਦਿੰਦਾ ਹੈ।



*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ *15:1-2, 4-5 (IRV)*

# ਤੁਸੀਂ ਮੇਰੇ ਵਿੱਚ ਰਹੋ... ਕੋਈ ਵੀ ਟਹਿਣੀ ਜੇ ਉਹ ਅੰਗੂਰ ਦੀ ਵੇਲ ਵਿੱਚ ਨਾ ਰਹੇ, ਆਪਣੇ ਆਪ ਫਲ ਨਹੀਂ ਦੇ ਸਕਦੀ

---

ਯਿਸੂ ਨੇ ਕਿਹਾ, "ਮੈਂ ਅੰਗੂਰ ਦੀ ਸੱਚੀ ਵੇਲ ਹਾਂ, ਮੇਰਾ ਪਿਤਾ ਬਾਗਵਾਨ ਹੈ।" ਹਰ ਉਹ ਟਹਿਣੀ ਜਿਹੜੀ ਫਲ ਨਹੀਂ ਦਿੰਦੀ, ਉਹ ਵੱਡ ਸੁੱਟਦਾ ਹੈ। ਉਹ ਹਰ ਟਹਿਣੀ ਨੂੰ ਚੰਗੀ ਤਰ੍ਹਾਂ ਛਾਂਗਦਾ, ਜਿਹੜੀ ਫਲ ਦਿੰਦੀ ਹੈ ਅਤੇ ਉਸ ਨੂੰ ਸਾਫ਼ ਕਰਦਾ ਹੈ ਤਾਂ ਜੋ ਉਹ ਹੋਰ ਬਹੁਤ ਸਾਰਾ ਫਲ ਦੇਵੇ। ... ਤੁਸੀਂ ਮੇਰੇ ਵਿੱਚ ਰਹੋ ਅਤੇ ਮੈਂ ਤੁਹਾਡੇ ਵਿੱਚ ਰਹਾਂਗਾ। ਕੋਈ ਵੀ ਟਹਿਣੀ ਜੇ ਉਹ ਅੰਗੂਰ ਦੀ ਵੇਲ ਵਿੱਚ ਨਾ ਰਹੇ, ਆਪਣੇ ਆਪ ਫਲ ਨਹੀਂ ਦੇ ਸਕਦੀ। ਇਸੇ ਤਰ੍ਹਾਂ, ਜੇਕਰ ਤੁਸੀਂ ਮੇਰੇ ਵਿੱਚ ਨਹੀਂ ਰਹੋਂਗੇ, ਤੁਸੀਂ ਫਲ ਪੈਦਾ ਨਹੀਂ ਕਰ ਸਕਦੇ। "ਅੰਗੂਰ ਦੀ ਵੇਲ ਮੈਂ ਹਾਂ ਤੇ ਤੁਸੀਂ ਉਸ ਦੀਆਂ ਟਹਿਣੀਆਂ ਹੋ। ਜੇਕਰ ਕੋਈ ਮੇਰੇ ਵਿੱਚ ਰਹਿੰਦਾ ਹੈ, ਮੈਂ ਉਸ ਵਿੱਚ ਹੋਵਾਂਗਾ ਅਤੇ ਉਹ ਬਹੁਤ ਫਲ ਦੇਵੇਗਾ ਪਰ ਮੇਰੇ ਤੋਂ ਅੱਲਗ ਹੋ ਕੇ ਤੁਸੀਂ ਕੁਝ ਵੀ ਨਹੀਂ ਕਰ ਸਕਦੇ।"



*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ 17:3-6 (IRV)

# ਇਹ ਸਦੀਪਕ ਜੀਵਨ ਹੈ... ਤੈਨੂੰ, ਸੱਚੇ ਪਰਮੇਸ਼ੁਰ ਨੂੰ ਜਾਣਨ... ਯਿਸੂ ਮਸੀਹ ਜਿਸ ਨੂੰ ਤੂੰ ਭੇਜਿਆ ਹੈ

---

**ਇਹ ਸਦੀਪਕ ਜੀਵਨ ਹੈ ਉਹ ਤੈਨੂੰ, ਸੱਚੇ ਪਰਮੇਸ਼ੁਰ ਨੂੰ ਜਾਣਨ ਅਤੇ ਯਿਸੂ ਮਸੀਹ ਜਿਸ ਨੂੰ ਤੂੰ ਭੇਜਿਆ ਹੈ। ਮੈਂ ਉਹ ਕੰਮ ਪੂਰਾ ਕਰ ਦਿੱਤਾ ਜੋ ਤੂੰ ਮੈਨੂੰ ਕਰਨ ਲਈ ਕਿਹਾ ਅਤੇ ਮੈਂ ਧਰਤੀ ਉੱਤੇ ਤੇਰੀ ਵਡਿਆਈ ਕੀਤੀ ਹੈ। ਹੇ ਪਿਤਾ, ਹੁਣ ਤੂੰ ਆਪਣੀ ਮਜੂਦਗੀ ਵਿੱਚ ਮੇਰੀ ਵਡਿਆਈ ਕਰ। ਉਸ ਵਡਿਆਈ ਨਾਲ ਜਿਹੜੀ ਇਸ ਸੰਸਾਰ ਦੇ ਸ਼ੁਰੂ ਤੋਂ ਪਹਿਲਾਂ ਮੇਰੇ ਨਾਲ ਸੀ।” ਤੂੰ ਮੈਨੂੰ ਸੰਸਾਰ ਵਿੱਚੋਂ ਮਨੁੱਖ ਦਿੱਤੇ ਤੇ ਮੈਂ ਉਨ੍ਹਾਂ ਨੂੰ ਤੇਰੇ ਬਾਰੇ ਦੱਸਿਆ ਕਿ ਤੂੰ ਕੌਣ ਹੈਂ। ਉਹ ਤੇਰੇ ਨਾਲ ਹਨ ਪਰ ਤੂੰ ਉਨ੍ਹਾਂ ਨੂੰ ਮੈਨੂੰ ਦਿੱਤਾ ਅਤੇ ਉਨ੍ਹਾਂ ਤੇਰੇ ਬਚਨਾਂ ਦੀ ਪਾਲਣਾ ਕੀਤੀ।**

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਮਰਕੁਸ ਦੀ ਇੰਜੀਲ 4:14-20 (IRV)


# ਧਨ ਦਾ ਧੋਖਾ ਅਤੇ ਹੋਰਨਾਂ ਚੀਜ਼ਾਂ ਦਾ ਲੋਭ... ਬਚਨ ਨੂੰ ਦਬਾ ਲੈਂਦਾ ਹੈ

**ਬੀਜਣ ਵਾਲਾ ਪਰਮੇਸ਼ੁਰ ਦਾ ਬਚਨ ਬੀਜਦਾ ਹੈ। ਅਤੇ ਰਾਹ ਦੇ ਕਿਨਾਰੇ ਵਾਲੇ ਉਹ ਹਨ ਜਿਹਨਾਂ ਨੇ ਸੁਣਿਆ, ਤਾਂ ਸ਼ੈਤਾਨ ਆਣ ਕੇ ਉਸ ਬਚਨ ਨੂੰ ਉਨ੍ਹਾਂ ਦੇ ਹਿਰਦਿਆਂ ਵਿੱਚੋਂ ਕੱਢ ਲੈ ਜਾਂਦਾ ਹੈ। ਅਤੇ ਇਸੇ ਤਰ੍ਹਾਂ ਜਿਹੜੇ ਪਥਰੀਲੀ ਜ਼ਮੀਨ ਵਿੱਚ ਬੀਜੇ ਜਾਂਦੇ ਹਨ ਸੋ ਉਹ ਹਨ ਜਿਹੜੇ ਬਚਨ ਨੂੰ ਸੁਣਦਿਆਂ ਸਾਰ ਖੁਸ਼ੀ ਨਾਲ ਉਹ ਨੂੰ ਮੰਨ ਲੈਂਦੇ ਹਨ। ਅਤੇ ਆਪਣੇ ਵਿੱਚ ਜੜ੍ਹ ਨਹੀਂ ਰੱਖਦੇ ਹਨ ਪਰ ਥੋੜ੍ਹਾ ਸਮਾਂ ਰਹਿੰਦੇ ਹਨ ਅਤੇ ਜਦੋਂ ਬਚਨ ਦੇ ਕਾਰਨ ਦੁੱਖ ਵਿੱਚ ਪੈਂਦੇ ਜਾਂ ਸਤਾਏ ਜਾਂਦੇ ਹਨ ਤਾਂ ਝੱਟ ਠੋਕਰ ਖਾਂਦੇ ਹਨ। ਅਤੇ ਹੋਰ ਉਹ ਹਨ ਜਿਹੜੇ ਝਾੜੀਆਂ ਵਿੱਚ ਬੀਜੇ ਜਾਂਦੇ। ਇਹ ਉਹ ਹਨ ਜਿਨ੍ਹਾਂ ਨੇ ਬਚਨ ਨੂੰ ਸੁਣਿਆ ਅਤੇ ਸੰਸਾਰ ਦੀ ਚਿੰਤਾ ਤੇ ਧਨ ਦਾ ਧੋਖਾ ਅਤੇ ਹੋਰਨਾਂ ਚੀਜ਼ਾਂ ਦਾ ਲੋਭ ਆਣ ਕੇ ਬਚਨ ਨੂੰ ਦਬਾ ਲੈਂਦਾ ਹੈ ਅਤੇ ਉਹ ਬੇਫੱਲ ਰਹਿ ਜਾਂਦਾ ਹੈ। ਅਤੇ ਜਿਹੜੇ ਚੰਗੀ ਜ਼ਮੀਨ ਵਿੱਚ ਬੀਜੇ ਗਏ ਸਨ ਸੋ ਉਹ ਲੋਕ ਹਨ ਜਿਹੜੇ ਬਚਨ ਨੂੰ ਸੁਣ ਕੇ ਮੰਨ ਲੈਂਦੇ ਅਤੇ ਫਲ ਦਿੰਦੇ ਹਨ, ਕੁਝ ਤੀਹ ਗੁਣਾ ਕੁਝ ਸੱਠ ਗੁਣਾ ਕੁਝ ਸੌ ਗੁਣਾ।**



*Indian Revised Version · CC BY-SA 4.0 · Bridge Connectivity Solutions*

# ਪਰਮੇਸ਼ੁਰ ਉੱਤੇ ਵਿਸ਼ਵਾਸ ਰੱਖੋ... ਜੇ ਤੁਹਾਡਾ ਕਿਸੇ ਨਾਲ ਵਿਰੋਧ ਹੋਵੇ ਤਾਂ ਉਹ ਨੂੰ ਮਾਫ਼ ਕਰੋ



ਪ੍ਰਭੂ ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਪਰਮੇਸ਼ੁਰ ਉੱਤੇ ਵਿਸ਼ਵਾਸ ਰੱਖੋ। ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਜੋ ਕੋਈ ਇਸ ਪਹਾੜ ਨੂੰ ਕਹੇ, ਉੱਠ ਅਤੇ ਸਮੁੰਦਰ ਵਿੱਚ ਜਾ ਪਉ ਅਤੇ ਆਪਣੇ ਮਨ ਵਿੱਚ ਭਰਮ ਨਾ ਕਰੇ ਪਰ ਵਿਸ਼ਵਾਸ ਕਰੇ, ਕਿ ਜਿਹੜੀਆਂ ਗੱਲਾਂ ਮੈਂ ਆਖਦਾ ਹਾਂ ਉਹ ਹੁੰਦੀਆਂ ਹਨ, ਤਾਂ ਉਹ ਦੇ ਲਈ ਹੋ ਜਾਵੇਗਾ। ਇਸ ਲਈ ਮੈਂ ਤੁਹਾਨੂੰ ਆਖਦਾ ਹਾਂ ਕਿ ਸਭ ਕੁਝ ਤੁਸੀਂ ਪ੍ਰਾਰਥਨਾ ਕਰ ਕੇ ਮੰਗੋ ਵਿਸ਼ਵਾਸ ਕਰੋ ਜੋ ਸਾਨੂੰ ਮਿਲ ਗਿਆ, ਤਾਂ ਤੁਹਾਨੂੰ ਮਿਲੇਗਾ। ਜਦ ਕਦੇ ਤੁਸੀਂ ਖੜ੍ਹ ਕੇ ਪ੍ਰਾਰਥਨਾ ਕਰਦੇ ਹੋ, ਜੇ ਤੁਹਾਡਾ ਕਿਸੇ ਨਾਲ ਵਿਰੋਧ ਹੋਵੇ ਤਾਂ ਉਹ ਨੂੰ ਮਾਫ਼ ਕਰੋ ਤਾਂ ਜੋ ਤੁਹਾਡਾ ਪਿਤਾ ਵੀ ਜਿਹੜਾ ਸਵਰਗ ਵਿੱਚ ਹੈ, ਤੁਹਾਡਿਆਂ ਅਪਰਾਧਾਂ ਨੂੰ ਮਾਫ਼ ਕਰੇ।

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਕੁਰਿੰਥੀਆਂ ਨੂੰ ਪਹਿਲੀ ਪੱਤ੍ਰੀ 3:10-15 (IRV)

# ਹਰੇਕ ਸੁਚੇਤ ਰਹੇ ਭਈ ਕਿਸ ਤਰ੍ਹਾਂ ਦੀ ਉਸਾਰੀ ਕਰਦਾ ਹੈ... ਇਹ ਯਿਸੂ ਮਸੀਹ ਹੈ... ਅੱਗ ਆਪ ਹਰੇਕ ਦਾ ਕੰਮ ਪਰਖ ਦੇਵੇਗੀ



ਪਰਮੇਸ਼ੁਰ ਦੀ ਕਿਰਪਾ ਅਨੁਸਾਰ ਜੋ ਮੈਨੂੰ ਦਾਨ ਵਿੱਚ ਮਿਲੀ ਹੈ, ਮੈਂ ਸਿਆਣੇ ਰਾਜ ਮਿਸਤਰੀ ਦੀ ਤਰ੍ਹਾਂ ਨੀਂਹ ਰੱਖੀ ਅਤੇ ਦੂਜਾ ਉਸ ਉੱਤੇ ਉਸਾਰੀ ਕਰਦਾ ਹੈ। ਸੋ ਹਰੇਕ ਸੁਚੇਤ ਰਹੇ ਭਈ ਕਿਸ ਤਰ੍ਹਾਂ ਦੀ ਉਸਾਰੀ ਕਰਦਾ ਹੈ। ਕਿਉਂ ਜੋ ਉਸ ਨੀਂਹ ਤੋਂ ਬਿਨ੍ਹਾਂ ਜੋ ਰੱਖੀ ਹੋਈ ਹੈ ਦੂਜੀ ਕੋਈ ਨਹੀਂ ਰੱਖ ਸਕਦਾ ਅਤੇ ਇਹ ਯਿਸੂ ਮਸੀਹ ਹੈ। ਪਰ ਜੇ ਕੋਈ ਉਸ ਨੀਂਹ ਉੱਤੇ ਸੋਨੇ, ਚਾਂਦੀ, ਬਹੁਮੁੱਲੇ ਪੱਥਰਾਂ, ਲੱਕੜਾਂ, ਘਾਹ-ਫੂਸ ਦੀ ਉਸਾਰੀ ਕਰੇ। ਤਾਂ ਹਰੇਕ ਦਾ ਕੰਮ ਪ੍ਰਗਟ ਹੋਵੇਗਾ ਕਿਉਂ ਜੋ ਉਹ ਦਿਨ ਉਸ ਨੂੰ ਪ੍ਰਗਟ ਕਰ ਦੇਵੇਗਾ ਇਸ ਲਈ ਜੋ ਉਹ ਅੱਗ ਨਾਲ ਪਰਕਾਸ਼ ਹੁੰਦਾ ਹੈ ਅਤੇ ਅੱਗ ਆਪ ਹਰੇਕ ਦਾ ਕੰਮ ਪਰਖ ਦੇਵੇਗੀ ਭਈ ਉਹ ਕਿਸ ਪ੍ਰਕਾਰ ਦਾ ਹੈ। ਜੇ ਕਿਸੇ ਦਾ ਕੰਮ ਜਿਹੜਾ ਉਹ ਨੇ ਬਣਾਇਆ ਸੀ ਟਿਕਿਆ ਰਹੇਗਾ ਤਾਂ ਉਹ ਨੂੰ ਇਨਾਮ ਮਿਲੇਗਾ। ਜੇ ਕਿਸੇ ਦਾ ਕੰਮ ਸੜ ਜਾਵੇ ਤਾਂ ਉਹ ਦੀ ਹਾਨੀ ਹੋ ਜਾਵੇਗੀ ਪਰੰਤੂ ਉਹ ਆਪ ਤਾਂ ਬਚ ਜਾਵੇਗਾ ਪਰ ਸੜਦਿਆਂ ਸੜਦਿਆਂ।

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਕੁਰਿੰਥੀਆਂ ਨੂੰ ਪਹਿਲੀ ਪੱਤ੍ਰੀ *3:5-7, 21-23 (IRV)*

# ਪਰਮੇਸ਼ੁਰ ਨੇ ਵਧਾਇਆ... ਕੋਈ ਵੀ ਮਨੁੱਖਾਂ ਉੱਤੇ ਘਮੰਡ ਨਾ ਕਰੇ... ਤੁਸੀਂ ਮਸੀਹ ਦੇ ਹੋ



**ਫੇਰ ਅੱਪੁਲੋਸ ਕੀ ਹੈ ਅਤੇ ਪੌਲੁਸ ਕੀ ਹੈ? ਸਿਰਫ਼ ਸੇਵਕ ਜਿਨ੍ਹਾਂ ਦੇ ਵਸੀਲੇ ਨਾਲ ਤੁਸੀਂ ਵਿਸ਼ਵਾਸ ਕੀਤੀ ਜਿਵੇਂ ਪ੍ਰਭੂ ਨੇ ਹਰੇਕ ਨੂੰ ਦਾਨ ਦਿੱਤਾ। ਮੈਂ ਤਾਂ ਬੂਟਾ ਲਾਇਆ ਅਤੇ ਅੱਪੁਲੋਸ ਨੇ ਸਿੰਜਿਆ ਪਰ ਪਰਮੇਸ਼ੁਰ ਨੇ ਵਧਾਇਆ। ਸੋ ਨਾ ਤਾਂ ਲਾਉਣ ਵਾਲਾ ਕੁਝ ਹੈ, ਨਾ ਸਿੰਜਣ ਵਾਲਾ ਪਰੰਤੂ ਪਰਮੇਸ਼ੁਰ ਜੋ ਵਧਾਉਣ ਵਾਲਾ ਹੈ। ... ਇਸ ਲਈ ਕੋਈ ਵੀ ਮਨੁੱਖਾਂ ਉੱਤੇ ਘਮੰਡ ਨਾ ਕਰੇ ਕਿਉਂ ਜੋ ਸਾਰੀਆਂ ਵਸਤਾਂ ਤੁਹਾਡੀਆਂ ਹਨ। ਕੀ ਪੌਲੁਸ, ਕੀ ਅੱਪੁਲੋਸ, ਕੀ ਕੇਫ਼ਾਸ, ਕੀ ਦੁਨੀਆਂ, ਕੀ ਜੀਵਨ, ਕੀ ਮੌਤ, ਕੀ ਵਰਤਮਾਨ, ਕੀ ਹੋਣ ਵਾਲੀਆਂ ਵਸਤਾਂ, ਸੱਭੇ ਤੁਹਾਡੀਆਂ ਹਨ! ਅਤੇ ਤੁਸੀਂ ਮਸੀਹ ਦੇ ਹੋ ਅਤੇ ਮਸੀਹ ਪਰਮੇਸ਼ੁਰ ਦਾ ਹੈ।**

**_Spiritual Warfare Cards.com_**

*Indian Revised Version · CC BY-SA 4.0 · Bridge Connectivity Solutions*

ਕੁਰਿੰਥੀਆਂ ਨੂੰ ਪਹਿਲੀ ਪੱਤ੍ਰੀ 4:4-7 (IRV)

# ਜਿੰਨਾਂ ਚਿਰ ਪ੍ਰਭੂ ਨਾ ਆਵੇ... ਮਨ ਦੀਆਂ ਦਲੀਲਾਂ ਨੂੰ ਪ੍ਰਗਟ ਕਰੇਗਾ... ਘਮੰਡ ਕਿਉਂ ਕਰਦਾ ਹੈਂ


ਭਾਵੇਂ ਮੈਂ ਆਪਣੇ ਆਪ ਵਿੱਚ ਕੋਈ ਦੋਸ਼ ਨਹੀਂ ਵੇਖਦਾ ਤਾਂ ਵੀ ਇਸ ਤੋਂ ਮੈਂ ਨਿਰਦੋਸ਼ ਨਹੀਂ ਠਹਿਰਦਾ, ਪਰ ਮੇਰਾ ਨਿਆਂ ਕਰਨ ਵਾਲਾ ਪ੍ਰਭੂ ਹੈ। ਜਿੰਨਾਂ ਚਿਰ ਪ੍ਰਭੂ ਨਾ ਆਵੇ, ਤੁਸੀਂ ਸਮੇਂ ਤੋਂ ਪਹਿਲਾਂ ਕਿਸੇ ਗੱਲ ਦਾ ਨਿਆਂ ਨਾ ਕਰਿਆ ਕਰੋ, ਉਹ ਆਪ ਹਨੇਰੇ ਦੀਆਂ ਛਿਪੀਆਂ ਗੱਲਾਂ ਤੇ ਪਰਕਾਸ਼ ਕਰੇਗਾ ਅਤੇ ਮਨ ਦੀਆਂ ਦਲੀਲਾਂ ਨੂੰ ਪ੍ਰਗਟ ਕਰੇਗਾ। ਉਸ ਵੇਲੇ ਹਰ ਕਿਸੇ ਨੂੰ ਪਰਮੇਸ਼ੁਰ ਦੀ ਵੱਲੋਂ ਵਡਿਆਈ ਮਿਲੇਗੀ। ਹੇ ਭਰਾਵੋ, ਮੈਂ ਇਹ ਗੱਲਾਂ ਤੁਹਾਡੇ ਨਮਿੱਤ ਆਪਣੇ ਅਤੇ ਅਪੁੱਲੋਸ ਦੇ ਉੱਤੇ ਨਮੂਨੇ ਦੇ ਤੌਰ ਤੇ ਲਾਈਆਂ ਕਿ ਤੁਸੀਂ ਸਾਡੇ ਕੋਲੋਂ ਇਹ ਸਿੱਖੋ ਕਿ ਜਿਹੜੀਆਂ ਗੱਲਾਂ ਲਿਖੀਆਂ ਹੋਈਆਂ ਹਨ ਉਨ੍ਹਾਂ ਤੋਂ ਪਰੇ ਨਾ ਵਧੋ ਕਿਤੇ ਇਉਂ ਨਾ ਹੋਵੇ ਜੋ ਤੁਸੀਂ ਇੱਕ ਦਾ ਪੱਖ ਕਰ ਕੇ ਦੂਜੇ ਦੇ ਵਿਰੁੱਧ ਹੋ ਜਾਓ। ਕਿਉਂ ਜੋ ਤੈਨੂੰ ਦੂਜੇ ਤੋਂ ਉੱਤਮ ਜਾਣਦਾ ਹੈ? ਅਤੇ ਤੇਰੇ ਕੋਲ ਕੀ ਹੈ ਜੋ ਤੈਨੂੰ ਨਹੀਂ ਮਿਲਿਆ? ਪਰ ਜੇ ਤੈਨੂੰ ਮਿਲਿਆ ਵੀ ਤਾਂ ਘਮੰਡ ਕਿਉਂ ਕਰਦਾ ਹੈਂ ਕਿ ਮਿਲਿਆ ਹੀ ਨਹੀਂ?

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਕੁਰਿੰਥੀਆਂ ਨੂੰ ਦੂਜੀ ਪੱਤ੍ਰੀ *10:3-5, 17-18 (IRV)*

# ਅਸੀਂ ਵਹਿਮਾਂ ਨੂੰ ਅਤੇ ਹਰ ਇੱਕ ਉੱਚੀ ਗੱਲ ਨੂੰ... ਹਰ ਇੱਕ ਵਿਚਾਰ ਉੱਤੇ ਕਾਬੂ ਪਾਉਂਦੇ ਹਾਂ



**ਭਾਵੇਂ ਅਸੀਂ ਸਰੀਰ ਦੇ ਵਿੱਚ ਚੱਲਦੇ ਹਾਂ ਪਰ ਸਰੀਰ ਦੇ ਅਨੁਸਾਰ ਯੁੱਧ ਨਹੀਂ ਕਰਦੇ। ਇਸ ਲਈ ਜੋ ਸਾਡੇ ਯੁੱਧ ਦੇ ਹਥਿਆਰ ਸਰੀਰਕ ਨਹੀਂ ਸਗੋਂ ਪਰਮੇਸ਼ੁਰ ਦੇ ਦੁਆਰਾ ਕਿਲ੍ਹਿਆਂ ਨੂੰ ਢਾਹ ਦੇਣ ਲਈ ਬਹੁਤ ਤਾਕਤਵਰ ਹਨ। ਸੋ ਅਸੀਂ ਵਹਿਮਾਂ ਨੂੰ ਅਤੇ ਹਰ ਇੱਕ ਉੱਚੀ ਗੱਲ ਨੂੰ ਜਿਹੜੀ ਪਰਮੇਸ਼ੁਰ ਦੇ ਗਿਆਨ ਦੇ ਵਿਰੁੱਧ ਸਿਰ ਚੁੱਕਦੀ ਹੈ, ਢਾਹ ਦਿੰਦੇ ਹਾਂ ਅਤੇ ਹਰ ਇੱਕ ਵਿਚਾਰ ਉੱਤੇ ਕਾਬੂ ਪਾਉਂਦੇ ਹਾਂ ਜੋ ਉਹ ਮਸੀਹ ਦਾ ਆਗਿਆਕਾਰ ਹੋਵੇ। … ਪਰ ਜੋ ਕੋਈ ਮਾਣ ਕਰਦਾ ਹੈ ਸੋ ਪ੍ਰਭੂ ਵਿੱਚ ਮਾਣ ਕਰੇ। ਕਿਉਂਕਿ ਜੋ ਆਪਣੀ ਵਡਿਆਈ ਕਰਦਾ ਹੈ ਉਹ ਪਰਵਾਨ ਨਹੀਂ ਹੁੰਦਾ ਹੈ ਬਲਕਿ ਜਿਸ ਦੀ ਵਡਿਆਈ ਪ੍ਰਭੂ ਕਰਦਾ ਹੈ।**

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਕੁਰਿੰਥੀਆਂ ਨੂੰ ਦੂਜੀ ਪੱਤ੍ਰੀ *5:4, 10, 17, 20-21 (IRV)*

# ਜੋ ਕੋਈ ਮਸੀਹ ਵਿੱਚ ਹੈ ਤਾਂ ਉਹ ਨਵੀਂ ਸਰਿਸ਼ਟੀ ਹੈ। ਪੁਰਾਣੀਆਂ ਗੱਲਾਂ ਬੀਤ ਗਈਆਂ… ਉਹ ਨਵੀਆਂ ਹੋ ਗਈਆਂ ਹਨ

**ਕਿਉਂਕਿ ਅਸੀਂ ਜਿਹੜੇ ਇਸ ਤੰਬੂ ਵਿੱਚ ਹਾਂ ਭਾਰ ਦੇ ਹੇਠ ਦੱਬੇ ਹੋਏ ਹਾਉਂਕੇ ਭਰਦੇ ਹਾਂ! ਅਸੀਂ ਇਹ ਤਾਂ ਨਹੀਂ ਚਾਹੁੰਦੇ ਜੋ ਇਸ ਨੂੰ ਉਤਾਰ ਦੇਈਏ ਸਗੋਂ ਇਹ ਜੋ ਉਸ ਨੂੰ ਬਦਲ ਲਈਏ ਤਾਂ ਕਿ ਜਿਹੜਾ ਮਰਨਹਾਰ ਹੈ ਉਹ ਜੀਵਨ ਰਾਹੀਂ ਨਿਗਲ ਲਿਆ ਜਾਵੇ। … ਕਿਉਂ ਜੋ ਅਸੀਂ ਸਭਨਾਂ ਨੇ ਮਸੀਹ ਦੇ ਨਿਆਂ ਦੇ ਸਿੰਘਾਸਣ ਦੇ ਅੱਗੇ ਪ੍ਰਗਟ ਹੋਣਾ ਹੈ ਕਿ ਹਰੇਕ ਜੋ ਕੁਝ ਅਸੀਂ ਸਰੀਰ ਵਿੱਚ ਕੀਤਾ ਭਾਵੇਂ ਭਲਾ ਭਾਵੇਂ ਬੁਰਾ ਆਪੋ ਆਪਣੀਆਂ ਕਰਨੀਆਂ ਦੇ ਅਨੁਸਾਰ ਉਸ ਦਾ ਫਲ ਭੋਗੇ। … ਸੋ ਜੇ ਕੋਈ ਮਸੀਹ ਵਿੱਚ ਹੈ ਤਾਂ ਉਹ ਨਵੀਂ ਸਰਿਸ਼ਟੀ ਹੈ। ਪੁਰਾਣੀਆਂ ਗੱਲਾਂ ਬੀਤ ਗਈਆਂ, ਵੇਖੋ, ਉਹ ਨਵੀਆਂ ਹੋ ਗਈਆਂ ਹਨ। … ਅਸੀਂ ਮਸੀਹ ਦੇ ਰਾਜਦੂਤ ਹਾਂ, ਤੁਸੀਂ ਸਮਝੋ ਪਰਮੇਸ਼ੁਰ ਸਾਡੇ ਰਾਹੀਂ ਮਿੰਨਤ ਕਰਦਾ ਹੈ, ਸੋ ਅਸੀਂ ਮਸੀਹ ਵੱਲੋਂ ਬੇਨਤੀ ਕਰਦੇ ਹਾਂ ਜੋ ਤੁਸੀਂ ਪਰਮੇਸ਼ੁਰ ਨਾਲ ਮੇਲ-ਮਿਲਾਪ ਕਰ ਲਓ। ਪਰਮੇਸ਼ੁਰ ਨੇ ਯਿਸੂ ਨੂੰ ਜਿਹੜਾ ਪਾਪ ਨੂੰ ਜਾਣਦਾ ਤੱਕ ਨਹੀਂ ਸੀ ਸਾਡੀ ਖ਼ਾਤਰ ਪਾਪ ਠਹਿਰਾਇਆ ਤਾਂ ਜੋ ਅਸੀਂ ਉਸ ਵਿੱਚ ਹੋ ਕੇ ਪਰਮੇਸ਼ੁਰ ਦੀ ਧਾਰਮਿਕਤਾ ਬਣੀਏ।**

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਗਲਤੀਆਂ ਨੂੰ 3:2-3; 5:1, 4, 13-14 (IRV)

# ਅਜ਼ਾਦੀ ਲਈ ਮਸੀਹ ਨੇ ਸਾਨੂੰ ਅਜ਼ਾਦ ਕੀਤਾ... ਆਪਣੀ ਅਜ਼ਾਦੀ ਨੂੰ ਸਰੀਰ ਲਈ ਮੌਕਾ ਜਾਣ ਕੇ ਨਾ ਵਰਤੋ

ਮੈਂ ਤੁਹਾਡੇ ਕੋਲੋਂ ਕੇਵਲ ਇਹ ਜਾਨਣਾ ਚਾਹੁੰਦਾ ਹਾਂ ਕਿ ਤੁਹਾਨੂੰ ਪਵਿੱਤਰ ਆਤਮਾ ਬਿਵਸਥਾ ਦੇ ਕੰਮਾਂ ਤੋਂ ਪ੍ਰਾਪਤ ਹੋਇਆ ਜਾਂ ਵਿਸ਼ਵਾਸ ਦੇ ਸੁਨੇਹੇ ਤੋਂ? ਕਿ ਤੁਸੀਂ ਇਹੋ ਜਿਹੇ ਮੂਰਖ ਹੋ? ਕਿ, ਆਤਮਾ ਤੋਂ ਸ਼ੁਰੂਆਤ ਕਰ ਕੇ ਤੁਸੀਂ ਹੁਣ ਸਰੀਰ ਦੁਆਰਾ ਅੰਤ ਕਰਦੇ ਹੋ? ... <u>ਅਜ਼ਾਦੀ ਲਈ ਮਸੀਹ ਨੇ ਸਾਨੂੰ ਅਜ਼ਾਦ ਕੀਤਾ</u>, ਇਸ ਲਈ ਦ੍ਰਿੜ੍ਹ ਰਹੋ ਅਤੇ ਗੁਲਾਮੀ ਦੇ ਜੂਲੇ ਹੇਠਾਂ ਮੁੜ ਕੇ ਨਾ ਜਾਵੋ। ... ਤੁਸੀਂ ਜੋ ਬਿਵਸਥਾ ਨਾਲ ਧਰਮੀ ਬਣਨਾ ਚਾਹੁੰਦੇ ਹੋ, ਸੋ ਮਸੀਹ ਤੋਂ ਅਲੱਗ ਹੋ ਗਏ ਅਤੇ ਕਿਰਪਾ ਤੋਂ ਡਿੱਗ ਗਏ ਹੋ। ... ਹੇ ਭਰਾਵੋ, ਤੁਸੀਂ ਤਾਂ ਅਜ਼ਾਦੀ ਲਈ ਸੱਦੇ ਗਏ ਹੋ ਪਰ <u>ਆਪਣੀ ਅਜ਼ਾਦੀ ਨੂੰ ਸਰੀਰ ਲਈ ਮੌਕਾ ਜਾਣ ਕੇ ਨਾ ਵਰਤੋ</u> ਸਗੋਂ ਪਿਆਰ ਦੇ ਰਾਹੀਂ ਇੱਕ ਦੂਜੇ ਦੀ ਸੇਵਾ ਕਰੋ। ਕਿਉਂ ਜੋ ਸਾਰੀ ਬਿਵਸਥਾ ਇੱਕੋ ਗੱਲ ਵਿੱਚ ਸਮਾਪਤ ਹੁੰਦੀ ਹੈ ਅਰਥਾਤ ਇਸ ਵਿੱਚ ਕਿ ਆਪਣੇ ਗੁਆਂਢੀ ਨਾਲ ਆਪਣੇ ਜਿਹਾ ਪਿਆਰ ਕਰ।

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਗਲਤੀਆਂ ਨੂੰ 5:16-17, 19-24 (IRV)

# ਤੁਸੀਂ ਆਤਮਾ ਦੇ ਦੁਆਰਾ ਚੱਲੋ... ਆਤਮਾ ਦਾ ਫਲ ਇਹ ਹੈ - ਪਿਆਰ

**ਪਰ ਮੈਂ ਆਖਦਾ ਹਾਂ, ਤੁਸੀਂ ਆਤਮਾ ਦੇ ਦੁਆਰਾ ਚੱਲੋ ਤਾਂ ਸਰੀਰ ਦੀ ਲਾਲਸਾ ਨੂੰ ਕਦੇ ਪੂਰਾ ਨਾ ਕਰੋਗੇ। ਕਿਉਂ ਜੋ ਸਰੀਰ ਆਤਮਾ ਦੇ ਵਿਰੁੱਧ, ਅਤੇ ਆਤਮਾ ਸਰੀਰ ਦੇ ਵਿਰੁੱਧ ਹੈ ਕਿਉਂ ਜੋ ਇਹ ਇੱਕ ਦੂਜੇ ਦੇ ਵਿਰੁੱਧ ਹਨ ਤਾਂ ਜੋ ਤੁਸੀਂ ਜੋ ਚਾਹੁੰਦੇ ਹੋ ਨਾ ਕਰ ਸਕੋ। ... ਹੁਣ ਸਰੀਰ ਦੇ ਕੰਮ ਤਾਂ ਪਰਗਟ ਹਨ। ਉਹ ਇਹ ਹਨ - ਹਰਾਮਕਾਰੀ, ਗੰਦ-ਮੰਦ, ਲੁੱਚਪੁਣਾ, ਮੂਰਤੀ ਪੂਜਾ, ਜਾਦੂਗਰੀ, ਵੈਰ, ਝਗੜੇ, ਈਰਖਾ, ਕ੍ਰੋਧ, ਵਿਰੋਧ, ਫੁੱਟਾਂ, ਬਿਦਤਾਂ, ਖਾਰ, ਨਸ਼ੇ, ਬਦਮਸਤੀਆਂ, ਅਤੇ ਹੋਰ ਇਹੋ ਜਿਹੇ ਕੰਮ। ਇਹਨਾਂ ਗੱਲਾਂ ਦੇ ਵਿਖੇ ਮੈਂ ਤੁਹਾਨੂੰ ਸਾਫ਼ ਆਖਦਾ ਹਾਂ ਜਿਵੇਂ ਮੈਂ ਪਹਿਲਾਂ ਵੀ ਆਖਿਆ ਸੀ ਕਿ ਜਿਹੜੇ ਇਹੋ ਜਿਹੇ ਕੰਮ ਕਰਦੇ ਹਨ ਉਹ ਪਰਮੇਸ਼ੁਰ ਦੇ ਰਾਜ ਦੇ ਵਾਰਿਸ ਨਹੀਂ ਹੋਣਗੇ। ਪਰ ਆਤਮਾ ਦਾ ਫਲ ਇਹ ਹੈ - ਪਿਆਰ, ਅਨੰਦ, ਸ਼ਾਂਤੀ, ਧੀਰਜ, ਦਿਆਲਗੀ, ਭਲਿਆਈ, ਵਫ਼ਾਦਾਰੀ, ਨਰਮਾਈ, ਸੰਜਮ। ਇਹੋ ਜਿਹੀਆਂ ਗੱਲਾਂ ਦੇ ਵਿਰੁੱਧ ਕੋਈ ਬਿਵਸਥਾ ਨਹੀਂ ਹੈ। ਅਤੇ ਜਿਹੜੇ ਮਸੀਹ ਯਿਸੂ ਦੇ ਹਨ ਉਨ੍ਹਾਂ ਨੇ ਸਰੀਰ ਨੂੰ ਉਹ ਦੀਆਂ ਕਾਮਨਾਵਾਂ ਅਤੇ ਲਾਲਸਾ ਸਣੇ ਸਲੀਬ ਉੱਤੇ ਚੜ੍ਹਾ ਦਿੱਤਾ।**



*Indian Revised Version · CC BY-SA 4.0 · Bridge Connectivity Solutions*

ਤਿਮੋਥਿਉਸ ਨੂੰ ਪਹਿਲੀ ਪੱਤ੍ਰੀ 2:1-6 (IRV)

# ਬੇਨਤੀਆਂ, ਪ੍ਰਾਰਥਨਾਂ... ਸਭਨਾਂ ਮਨੁੱਖਾਂ ਲਈ ਕੀਤੇ ਜਾਣ... ਅਸੀਂ ਪੂਰੀ ਭਗਤੀ ਅਤੇ ਗੰਭੀਰਤਾਈ ਵਿੱਚ ਚੈਨ ਅਤੇ ਸੁੱਖ ਨਾਲ ਜੀਵਨ ਬਤੀਤ ਕਰੀਏ

---

**ਸੋ ਮੈਂ ਸਭ ਤੋਂ ਪਹਿਲਾਂ ਇਹ ਸਮਝਾਉਂਦਾ ਹਾਂ ਜੋ ਬੇਨਤੀਆਂ, ਪ੍ਰਾਰਥਨਾਂ, ਅਰਦਾਸਾਂ ਅਤੇ ਧੰਨਵਾਦ ਸਭਨਾਂ ਮਨੁੱਖਾਂ ਲਈ ਕੀਤੇ ਜਾਣ। ਪਾਤਸ਼ਾਹਾਂ ਅਤੇ ਸਭਨਾਂ ਅਧਿਕਾਰੀਆਂ ਦੇ ਲਈ ਕਿ ਅਸੀਂ ਪੂਰੀ ਭਗਤੀ ਅਤੇ ਗੰਭੀਰਤਾਈ ਵਿੱਚ ਚੈਨ ਅਤੇ ਸੁੱਖ ਨਾਲ ਜੀਵਨ ਬਤੀਤ ਕਰੀਏ। ਸਾਡੇ ਮੁਕਤੀਦਾਤੇ ਪਰਮੇਸ਼ੁਰ ਦੇ ਹਜ਼ੂਰ ਇਹੋ ਭਲਾ ਅਤੇ ਪਰਵਾਨ ਹੈ। ਜੋ ਚਾਹੁੰਦਾ ਹੈ ਕਿ ਸਾਰੇ ਮਨੁੱਖ ਬਚਾਏ ਜਾਣ ਅਤੇ ਉਹ ਸੱਚ ਦੇ ਗਿਆਨ ਤੱਕ ਪਹੁੰਚਣ। ਕਿਉਂ ਜੋ ਪਰਮੇਸ਼ੁਰ ਇੱਕੋ ਹੈ ਅਤੇ ਪਰਮੇਸ਼ੁਰ ਅਤੇ ਮਨੁੱਖਾਂ ਵਿੱਚ ਇੱਕੋ ਵਿਚੋਲਾ ਹੈ ਜਿਹੜਾ ਆਪ ਮਨੁੱਖ ਹੈ ਅਰਥਾਤ ਮਸੀਹ ਯਿਸੂ। ਜਿਸ ਨੇ ਆਪਣੇ ਆਪ ਨੂੰ ਸਭਨਾਂ ਲਈ ਪ੍ਰਾਸਚਿੱਤ ਦੇ ਮੁੱਲ ਵਜੋਂ ਦੇ ਦਿੱਤਾ ਅਤੇ ਉਹ ਦੀ ਗਵਾਹੀ ਆਪਣੇ ਸਮੇਂ ਸਿਰ ਹੋਈ।**

**Spiritual Warfare Cards.com**

*Indian Revised Version · CC BY-SA 4.0 · Bridge Connectivity Solutions*

# ਉਹ ਉਸ ਜੀਵਨ ਨੂੰ ਫੜ ਲੈਣ ਜਿਹੜਾ ਅਸਲ ਜੀਵਨ ਹੈ... ਉਹ ਅਮਾਨਤ ਜੋ ਤੈਨੂੰ ਸੌਂਪੀ ਗਈ ਉਸ ਦੀ ਰਖਵਾਲੀ ਕਰ

ਜਿਹੜੇ ਇਸ ਸੰਸਾਰ ਵਿੱਚ ਧਨਵਾਨ ਹਨ ਉਹਨਾਂ ਨੂੰ ਉਪਦੇਸ਼ ਦੇ ਕਿ ਹੰਕਾਰ ਨਾ ਕਰਨ ਅਤੇ ਬੇ ਠਿਕਾਣੇ ਧਨ ਉੱਤੇ ਨਹੀਂ, ਪਰ ਪਰਮੇਸ਼ੁਰ ਉੱਤੇ ਆਸ ਰੱਖਣ ਜਿਹੜਾ ਸਾਨੂੰ ਭੋਗਣ ਲਈ ਸੱਭੋ ਕੁਝ ਭਰਪੂਰੀ ਨਾਲ ਦਿੰਦਾ ਹੈ। ਨਾਲੇ ਇਹ ਕਿ ਉਹ ਪਰਉਪਕਾਰੀ ਅਤੇ ਭਲੇ ਕੰਮਾਂ ਵਿੱਚ ਧਨੀ ਅਤੇ ਦਾਨ ਕਰਨ ਵਿੱਚ ਅਤੇ ਵੰਡਣ ਨੂੰ ਤਿਆਰ ਹੋਣ। ਅਤੇ ਅਗਾਹਾਂ ਲਈ ਇੱਕ ਚੰਗੀ ਨੀਂਹ ਧਰਨ ਤਾਂ ਜੋ ਉਹ ਉਸ ਜੀਵਨ ਨੂੰ ਫੜ ਲੈਣ ਜਿਹੜਾ ਅਸਲ ਜੀਵਨ ਹੈ। ਹੇ ਤਿਮੋਥਿਉਸ, ਉਹ ਅਮਾਨਤ ਜੋ ਤੈਨੂੰ ਸੌਂਪੀ ਗਈ ਉਸ ਦੀ ਰਖਵਾਲੀ ਕਰ! ਜਿਹੜਾ ਝੂਠ ਵਿੱਚ ਗਿਆਨ ਅਖਵਾਉਂਦਾ ਹੈ ਉਹ ਦੀ ਗੰਦੀ ਬੁੜ-ਬੁੜ ਅਤੇ ਵਿਰੋਧਤਾਈ ਵੱਲੋਂ ਮੂੰਹ ਮੋੜ ਲੈ।

Spiritual Warfare Cards.com

Indian Revised Version · CC BY-SA 4.0 · Bridge Connectivity Solutions

ਤਿਮੋਥਿਉਸ ਨੂੰ ਦੂਜੀ ਪੱਤ੍ਰੀ *1:9-10, 13-14 (IRV)*

# ਜਿਸ ਨੇ ਸਾਨੂੰ ਬਚਾਇਆ ਅਤੇ ਪਵਿੱਤਰ ਸੱਦੇ ਨਾਲ ਸੱਦਿਆ... ਉਹਨਾਂ ਖਰੀਆਂ ਗੱਲਾਂ ਨੂੰ ਜਿਹੜੀਆਂ ਤੂੰ ਮੇਰੇ ਕੋਲੋਂ ਸੁਣੀਆਂ... ਫੜੀ ਰੱਖੀਂ

---

**ਜਿਸ ਨੇ ਸਾਨੂੰ ਬਚਾਇਆ ਅਤੇ ਪਵਿੱਤਰ ਸੱਦੇ ਨਾਲ ਸੱਦਿਆ, ਸਾਡਿਆਂ ਕੰਮਾਂ ਦੇ ਅਨੁਸਾਰ ਨਹੀਂ ਸਗੋਂ ਆਪਣੀ ਮਰਜ਼ੀ ਅਤੇ ਉਸ ਕਿਰਪਾ ਦੇ ਅਨੁਸਾਰ ਜਿਹੜੀ ਮਸੀਹ ਯਿਸੂ ਵਿੱਚ ਸਦੀਪਕ ਸਮਿਆਂ ਤੋਂ ਸਾਡੇ ਉੱਤੇ ਕੀਤੀ ਗਈ। ਪਰ ਹੁਣ ਸਾਡੇ ਮੁਕਤੀਦਾਤਾ ਮਸੀਹ ਯਿਸੂ ਦੇ ਪਰਕਾਸ਼ ਹੋਣ ਤੋਂ ਪਰਗਟ ਹੋਈ, ਜਦੋਂ ਉਸ ਨੇ ਮੌਤ ਦਾ ਨਾਸ ਕਰ ਦਿੱਤਾ ਅਤੇ ਖੁਸ਼ਖਬਰੀ ਦੇ ਰਾਹੀਂ ਜੀਵਨ ਅਤੇ ਅਮਰਤਾ ਉੱਤੇ ਪਰਕਾਸ਼ ਕੀਤਾ। ... ਤੂੰ ਉਹਨਾਂ ਖਰੀਆਂ ਗੱਲਾਂ ਨੂੰ ਜਿਹੜੀਆਂ ਤੂੰ ਮੇਰੇ ਕੋਲੋਂ ਸੁਣੀਆਂ ਉਸ ਵਿਸ਼ਵਾਸ ਅਤੇ ਪਿਆਰ ਨਾਲ ਜੋ ਮਸੀਹ ਯਿਸੂ ਵਿੱਚ ਹੈ ਫੜੀ ਰੱਖੀਂ। ਪਵਿੱਤਰ ਆਤਮਾ ਦੇ ਦੁਆਰਾ ਜੋ ਸਾਡੇ ਵਿੱਚ ਵੱਸਦਾ ਹੈ ਉਸ ਭਲੀ ਅਮਾਨਤ ਦੀ ਰਖਵਾਲੀ ਕਰ।**

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਤਿਮੋਥਿਉਸ ਨੂੰ ਦੂਜੀ ਪੱਤ੍ਰੀ *3:16-17*; ਪਤਰਸ ਦੀ ਦੂਜੀ ਪੱਤ੍ਰੀ *1:19-21 (IRV)*

# ਸਾਰਾ ਪਵਿੱਤਰ ਗ੍ਰੰਥ ਪਰਮੇਸ਼ੁਰ ਦੇ ਆਤਮਾ ਦੀ ਪ੍ਰੇਰਨਾ ਤੋਂ ਹੈ... ਧਾਰਮਿਕਤਾ ਦੇ ਸਿੱਖਿਆ ਲਈ ਗੁਣਕਾਰ ਹੈ

ਸਾਰਾ ਪਵਿੱਤਰ ਗ੍ਰੰਥ ਪਰਮੇਸ਼ੁਰ ਦੇ ਆਤਮਾ ਦੀ ਪ੍ਰੇਰਨਾ ਤੋਂ ਹੈ, ਅਤੇ ਸਿੱਖਿਆ, ਤਾੜਨ, ਸੁਧਾਰਨ ਅਤੇ ਧਾਰਮਿਕਤਾ ਦੇ ਸਿੱਖਿਆ ਲਈ ਗੁਣਕਾਰ ਹੈ। ਕਿ ਪਰਮੇਸ਼ੁਰ ਦਾ ਬੰਦਾ ਕਾਬਲ ਅਤੇ ਹਰੇਕ ਭਲੇ ਕੰਮ ਲਈ ਤਿਆਰ ਕੀਤਾ ਗੋਇਆ ਹੋਵੇ। ... ਅਤੇ ਭਵਿੱਖਬਾਣੀ ਦਾ ਬਚਨ ਸਾਡੇ ਕੋਲ ਹੋਰ ਵੀ ਪੱਕਾ ਕੀਤਾ ਗੋਇਆ ਹੈ ਅਤੇ ਤੁਸੀਂ ਚੰਗਾ ਕਰਦੇ ਹੋ ਜੋ ਉਸ ਵੱਲ ਧਿਆਨ ਲਾਉਂਦੇ ਹੋ ਜਿਵੇਂ ਇੱਕ ਦੀਵੇ ਵੱਲ ਜੋ ਹਨੇਰੇ ਥਾਂ ਵਿੱਚ ਚਮਕਦਾ ਹੈ, ਜਦੋਂ ਤੱਕ ਪਹੁ ਨਾ ਫੁੱਟੇ ਅਤੇ ਦਿਨ ਦਾ ਤਾਰਾ ਤੁਹਾਡਿਆਂ ਦਿਲਾਂ ਵਿੱਚ ਨਾ ਚੜ੍ਹ ਆਵੇ ਕਿ ਪਹਿਲਾਂ ਤੁਸੀਂ ਇਹ ਜਾਣਦੇ ਹੋ ਕਿ ਪਵਿੱਤਰ ਸ਼ਾਸਤਰ ਦੇ ਕਿਸੇ ਭਵਿੱਖਬਾਣੀ ਦਾ ਅਰਥ ਆਪਣੇ ਯਤਨ ਨਾਲ ਨਹੀਂ ਹੁੰਦਾ। ਕਿਉਂਕਿ ਕੋਈ ਭਵਿੱਖਬਾਣੀ ਮਨੁੱਖ ਦੀ ਮਰਜ਼ੀ ਤੋਂ ਕਦੇ ਨਹੀਂ ਹੋਈ ਸਗੋਂ ਮਨੁੱਖ ਪਵਿੱਤਰ ਆਤਮਾ ਦੀ ਪ੍ਰੇਰਨਾ ਨਾਲ ਪਰਮੇਸ਼ੁਰ ਦੀ ਵੱਲੋਂ ਬੋਲਦੇ ਸਨ।



*Indian Revised Version · CC BY-SA 4.0 · Bridge Connectivity Solutions*

ਯਾਕੂਬ ਦੀ ਪੱਤ੍ਰੀ *1:17, 19-22 (IRV)*

# ਹਰ ਇੱਕ ਚੰਗਾ ਦਾਨ ਅਤੇ ਹਰ ਇੱਕ ਸੰਪੂਰਨ ਵਰਦਾਨ ਉਤਾਹਾਂ ਤੋਂ ਹੀ ਹੈ... ਉਸ ਬੀਜੇ ਹੋਏ ਬਚਨ ਨੂੰ... ਨਮਰਤਾ ਨਾਲ ਕਬੂਲ ਕਰ ਲਵੋ

---

ਕਿਉਂਕਿ ਹਰ ਇੱਕ ਚੰਗਾ ਦਾਨ ਅਤੇ ਹਰ ਇੱਕ ਸੰਪੂਰਨ ਵਰਦਾਨ ਉਤਾਹਾਂ ਤੋਂ ਹੀ ਹੈ ਅਤੇ ਜੋਤਾਂ ਦੇ ਪਿਤਾ ਵੱਲੋਂ ਮਿਲਦਾ ਹੈ, ਜਿਹ ਦੇ ਵਿੱਚ ਨਾ ਤਾਂ ਕੋਈ ਬਦਲਾਵ ਹੋ ਸਕਦਾ ਹੈ, ਅਤੇ ਨਾ ਅਦਲ-ਬਦਲ ਦੇ ਕਾਰਨ ਪਰਛਾਵਾਂ ਪੈਂਦਾ ਹੈ। ... ਹੇ ਮੇਰੇ ਪਿਆਰੇ ਭਰਾਵੋ, ਇਹ ਗੱਲ ਤੁਸੀਂ ਜਾਣ ਲਵੋ ਕਿ ਹਰੇਕ ਮਨੁੱਖ ਸੁਣਨ ਵਿੱਚ ਤੇਜ ਅਤੇ ਬੋਲਣ ਵਿੱਚ ਧੀਮਾ ਅਤੇ ਕ੍ਰੋਧ ਵਿੱਚ ਵੀ ਧੀਮਾ ਹੋਵੇ। ਕਿਉਂ ਜੋ ਮਨੁੱਖ ਦਾ ਕ੍ਰੋਧ ਪਰਮੇਸ਼ੁਰ ਦੀ ਧਾਰਮਿਕਤਾ ਦਾ ਕੰਮ ਨਹੀਂ ਕਰਦਾ। ਇਸ ਲਈ ਤੁਸੀਂ ਹਰ ਪ੍ਰਕਾਰ ਦੇ ਗੰਦ-ਮੰਦ ਅਤੇ ਵੈਰ-ਵਿਰੋਧ ਨੂੰ ਦੂਰ ਕਰ ਕੇ, ਉਸ ਬੀਜੇ ਹੋਏ ਬਚਨ ਨੂੰ ਜਿਹੜਾ ਤੁਹਾਡੀਆਂ ਜਾਨਾਂ ਨੂੰ ਬਚਾ ਸਕਦਾ ਹੈ ਨਮਰਤਾ ਨਾਲ ਕਬੂਲ ਕਰ ਲਵੋ। ਪਰ ਬਚਨ ਉੱਤੇ ਅਮਲ ਕਰਨ ਵਾਲੇ ਬਣੋ ਅਤੇ ਆਪਣੇ ਆਪ ਨੂੰ ਧੋਖਾ ਦੇ ਕੇ ਕੇਵਲ ਸੁਣਨ ਵਾਲੇ ਹੀ ਨਾ ਹੋਵੋ।

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਯਾਕੂਬ ਦੀ ਪੱਤ੍ਰੀ 4:4, 6-8, 10, 12 (IRV)

# ਪਰਮੇਸ਼ੁਰ ਹੰਕਾਰੀਆਂ ਦਾ ਸਾਹਮਣਾ ਕਰਦਾ ਹੈ ਪਰ ਹਲੀਮਾਂ ਉੱਤੇ ਕਿਰਪਾ ਕਰਦਾ ਹੈ... ਪਰਮੇਸ਼ੁਰ ਦੇ ਨੇੜੇ ਆਓ ਤਾਂ ਉਹ ਵੀ ਤੁਹਾਡੇ ਨੇੜੇ ਆਵੇਗਾ... ਪ੍ਰਭੂ ਦੇ ਸਾਹਮਣੇ ਨੀਵੇਂ ਬਣੋ ਤਾਂ ਉਹ ਤੁਹਾਨੂੰ ਉੱਚਾ ਕਰੇਗਾ

---

ਹੇ ਹਰਾਮਕਾਰੋ, ਕੀ ਤੁਸੀਂ ਨਹੀਂ ਜਾਣਦੇ ਕਿ ਸੰਸਾਰ ਨਾਲ ਮਿੱਤਰਤਾ ਕਰਨੀ ਪਰਮੇਸ਼ੁਰ ਨਾਲ ਵੈਰ ਕਰਨਾ ਹੈ? ਫੇਰ ਜੋ ਕੋਈ ਸੰਸਾਰ ਦਾ ਮਿੱਤਰ ਹੋਣਾ ਚਾਹੁੰਦਾ ਹੈ ਸੋ ਆਪਣੇ ਆਪ ਨੂੰ ਪਰਮੇਸ਼ੁਰ ਦਾ ਵੈਰੀ ਬਣਾਉਂਦਾ ਹੈ। ... ਪਰ ਉਹ ਹੋਰ ਵੀ ਕਿਰਪਾ ਕਰਦਾ ਹੈ ਇਸ ਕਾਰਨ ਇਹ ਲਿਖਿਆ ਹੈ, ਕਿ ਪਰਮੇਸ਼ੁਰ ਹੰਕਾਰੀਆਂ ਦਾ ਸਾਹਮਣਾ ਕਰਦਾ ਹੈ ਪਰ ਹਲੀਮਾਂ ਉੱਤੇ ਕਿਰਪਾ ਕਰਦਾ ਹੈ। ਇਸ ਲਈ ਤੁਸੀਂ ਪਰਮੇਸ਼ੁਰ ਦੇ ਅਧੀਨ ਹੋ ਜਾਓ। ਪਰ ਸ਼ੈਤਾਨ ਦਾ ਸਾਹਮਣਾ ਕਰੋ ਤਾਂ ਉਹ ਤੁਹਾਡੇ ਕੋਲੋਂ ਭੱਜ ਜਾਵੇਗਾ। ਪਰਮੇਸ਼ੁਰ ਦੇ ਨੇੜੇ ਆਓ ਤਾਂ ਉਹ ਵੀ ਤੁਹਾਡੇ ਨੇੜੇ ਆਵੇਗਾ। ਹੇ ਪਾਪੀਓ, ਆਪਣੇ ਹੱਥ ਸ਼ੁੱਧ ਕਰੋ ਅਤੇ ਹੇ ਦੁਚਿੱਤਿਓ, ਆਪਣੇ ਦਿਲਾਂ ਨੂੰ ਪਵਿੱਤਰ ਕਰੋ। ... ਪ੍ਰਭੂ ਦੇ ਸਾਹਮਣੇ ਨੀਵੇਂ ਬਣੋ ਤਾਂ ਉਹ ਤੁਹਾਨੂੰ ਉੱਚਾ ਕਰੇਗਾ। ... ਬਿਵਸਥਾ ਦੇਣ ਵਾਲਾ ਅਤੇ ਨਿਆਈਂ ਤਾਂ ਇੱਕੋ ਹੀ ਹੈ ਜਿਸ ਕੋਲ ਨਾਸ ਕਰਨ ਅਤੇ ਬਚਾਉਣ ਦਾ ਅਧਿਕਾਰ ਹੈ। ਪਰ ਤੂੰ ਆਪਣੇ ਗੁਆਂਢੀ ਉੱਤੇ ਦੋਸ਼ ਲਾਉਣ ਵਾਲਾ ਕੌਣ ਹੁੰਦਾ ਹੈਂ?।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਯਾਕੂਬ ਦੀ ਪੱਤ੍ਰੀ 4:13-17 (IRV)

# ਤੁਸੀਂ ਜਾਣਦੇ ਹੀ ਨਹੀਂ ਜੋ ਕੱਲ ਕੀ ਹੋਵੇਗਾ... ਪ੍ਰਭੂ ਚਾਹੇ ਤਾਂ ਅਸੀਂ ਜਿਉਂਦੇ ਰਹਾਂਗੇ... ਇਹੋ ਜਿਹਾ ਘਮੰਡ ਸਾਰਾ ਹੀ ਬੁਰਾ ਹੁੰਦਾ ਹੈ

ਤੁਸੀਂ ਜੋ ਇਹ ਕਹਿੰਦੇ ਹੋ ਕਿ ਅਸੀਂ ਅੱਜ ਜਾਂ ਕੱਲ ਅਸੀਂ ਕਿਸੇ ਹੋਰ ਨਗਰ ਨੂੰ ਜਾਂਵਾਂਗੇ ਅਤੇ ਉੱਥੇ ਇੱਕ ਸਾਲ ਬਿਤਾਵਾਂਗੇ ਅਤੇ ਵਪਾਰ ਕਰਕੇ ਕੁਝ ਲਾਭ ਕਮਾਵਾਂਗੇ। ਭਾਵੇਂ ਤੁਸੀਂ ਜਾਣਦੇ ਹੀ ਨਹੀਂ ਜੋ ਕੱਲ ਕੀ ਹੋਵੇਗਾ! ਤੁਹਾਡਾ ਜੀਵਨ ਹੈ ਹੀ ਕੀ? ਕਿਉਂ ਜੋ ਤੁਸੀਂ ਤਾਂ ਭਾਫ਼ ਹੀ ਹੋ ਜਿਹੜੀ ਥੋੜ੍ਹਾ ਜਿਹਾ ਚਿਰ ਦਿੱਸਦੀ ਹੈ, ਫਿਰ ਅਲੋਪ ਹੋ ਜਾਂਦੀ ਹੈ। ਸਗੋਂ ਤੁਹਾਨੂੰ ਇਹ ਆਖਣਾ ਚਾਹੀਦਾ ਸੀ ਪ੍ਰਭੂ ਚਾਹੇ ਤਾਂ ਅਸੀਂ ਜਿਉਂਦੇ ਰਹਾਂਗੇ ਅਤੇ ਇਹ ਜਾਂ ਉਹ ਕੰਮ ਕਰਾਂਗੇ। ਪਰ ਹੁਣ ਤੁਸੀਂ ਆਪਣੀਆਂ ਗੱਪਾਂ ਉੱਤੇ ਘਮੰਡ ਕਰਦੇ ਹੋ। ਇਹੋ ਜਿਹਾ ਘਮੰਡ ਸਾਰਾ ਹੀ ਬੁਰਾ ਹੁੰਦਾ ਹੈ। ਇਸ ਲਈ ਜੋ ਕੋਈ ਭਲਾ ਕਰਨਾ ਜਾਣਦਾ ਹੈ ਅਤੇ ਨਹੀਂ ਕਰਦਾ, ਇਹ ਉਸ ਦੇ ਲਈ ਪਾਪ ਹੈ।

**Spiritual Warfare Cards.com**

*Indian Revised Version · CC BY-SA 4.0 · Bridge Connectivity Solutions*

ਯਹੂਦਾਹ ਦੀ ਪੱਤ੍ਰੀ *1:1-2, 20-21, 24-25 (IRV)*

# ਤੁਹਾਨੂੰ ਦਯਾ, ਸ਼ਾਂਤੀ ਅਤੇ ਪਿਆਰ ਵੱਧ ਤੋਂ ਵੱਧ ਭਰਪੂਰੀ ਨਾਲ ਮਿਲਦਾ ਰਹੇ... ਆਪਣੇ ਅੱਤ ਪਵਿੱਤਰ ਵਿਸ਼ਵਾਸ ਉੱਤੇ ਉਸਾਰੀ ਜਾਓ

---

ਯਹੂਦਾਹ, ਜਿਹੜਾ ਯਿਸੂ ਮਸੀਹ ਦਾ ਦਾਸ ਅਤੇ ਯਾਕੂਬ ਦਾ ਭਰਾ ਹਾਂ, ਅੱਗੇ ਯੋਗ ਉਨ੍ਹਾਂ ਨੂੰ ਜਿਹੜੇ ਬੁਲਾਏ ਹੋਏ, ਪਿਤਾ ਪਰਮੇਸ਼ੁਰ ਵਿੱਚ ਪਿਆਰੇ ਅਤੇ ਯਿਸੂ ਮਸੀਹ ਦੇ ਲਈ ਅਲੱਗ ਕੀਤੇ ਹੋਏ ਹਨ, ਤੁਹਾਨੂੰ ਦਯਾ, ਸ਼ਾਂਤੀ ਅਤੇ ਪਿਆਰ ਵੱਧ ਤੋਂ ਵੱਧ ਭਰਪੂਰੀ ਨਾਲ ਮਿਲਦਾ ਰਹੇ। ... ਪਰ ਤੁਸੀਂ ਹੇ ਪਿਆਰਿਓ, ਆਪਣੇ ਆਪ ਨੂੰ ਆਪਣੇ ਅੱਤ ਪਵਿੱਤਰ ਵਿਸ਼ਵਾਸ ਉੱਤੇ ਉਸਾਰੀ ਜਾਓ ਅਤੇ ਪਵਿੱਤਰ ਆਤਮਾ ਵਿੱਚ ਪ੍ਰਾਰਥਨਾ ਕਰਦੇ ਹੋਏ। ਪਰਮੇਸ਼ੁਰ ਦੇ ਪਿਆਰ ਵਿੱਚ ਆਪਣੇ ਆਪ ਨੂੰ ਕਾਇਮ ਰੱਖੋ ਅਤੇ ਸਦੀਪਕ ਜੀਵਨ ਦੇ ਲਈ ਸਾਡੇ ਪ੍ਰਭੂ ਯਿਸੂ ਮਸੀਹ ਦੀ ਦਯਾ ਦੀ ਉਡੀਕ ਕਰਦੇ ਰਹੋ। ... ਹੁਣ ਜਿਹੜਾ ਸਮਰੱਥ ਹੈ ਜੋ ਤੁਹਾਨੂੰ ਠੇਡੇ ਖਾਣ ਤੋਂ ਬਚਾ ਸਕਦਾ ਹੈ ਅਤੇ ਤੁਹਾਨੂੰ ਆਪਣੀ ਮਹਿਮਾ ਦੇ ਸਨਮੁਖ ਅਨੰਦ ਨਾਲ ਨਿਰਮਲ ਖੜ੍ਹਾ ਕਰ ਸਕਦਾ ਹੈ। ਉਸੇ ਦੀ ਅਰਥਾਤ ਉਸ ਅਦੁੱਤੀ ਪਰਮੇਸ਼ੁਰ ਦੀ ਜੋ ਸਾਡਾ ਮੁਕਤੀਦਾਤਾ ਹੈ ਸਾਡੇ ਪ੍ਰਭੂ ਯਿਸੂ ਮਸੀਹ ਦੇ ਰਾਹੀਂ ਸਭਨਾਂ ਜੁੱਗਾਂ ਤੋਂ ਪਹਿਲਾਂ ਅਤੇ ਹੁਣ ਵੀ ਅਤੇ ਸਭਨਾਂ ਜੁੱਗਾਂ ਤੱਕ ਮਹਿਮਾ, ਪਰਾਕਰਮ, ਮਹਾਨਤਾ ਅਤੇ ਅਧਿਕਾਰ ਹੋਵੇ। ਆਮੀਨ।

**Spiritual Warfare Cards.com**

*Indian Revised Version · CC BY-SA 4.0 · Bridge Connectivity Solutions*

ਕੂਚ 20:2-8, 12-17, 20 (IRV)

# ਮੈਂ ਯਹੋਵਾਹ ਤੇਰਾ ਪਰਮੇਸ਼ੁਰ ਹਾਂ... ਮੇਰੇ ਸਨਮੁਖ ਤੇਰੇ ਲਈ ਦੂਜੇ ਦੇਵਤੇ ਨਾ ਹੋਣ... ਹਜ਼ਾਰਾਂ ਉੱਤੇ... ਦਯਾ ਕਰਦਾ ਹਾਂ



ਮੈਂ ਯਹੋਵਾਹ ਤੇਰਾ ਪਰਮੇਸ਼ੁਰ ਹਾਂ ਜਿਹੜਾ ਤੈਨੂੰ ਮਿਸਰ ਦੇਸ਼ ਤੋਂ ਅਰਥਾਤ ਗ਼ੁਲਾਮੀ ਦੇ ਘਰ ਤੋਂ ਕੱਢ ਲਿਆਇਆ ਹਾਂ। ਮੇਰੇ ਸਨਮੁਖ ਤੇਰੇ ਲਈ ਦੂਜੇ ਦੇਵਤੇ ਨਾ ਹੋਣ। ਤੂੰ ਆਪਣੇ ਲਈ ਘੜ੍ਹੀ ਹੋਈ ਮੂਰਤ ਨਾ ਬਣਾਈਂ, ਨਾ ਕਿਸੇ ਚੀਜ਼ ਦੀ ਸੂਰਤ ਜਿਹੜੀ ਉੱਪਰ ਅਕਾਸ਼ ਵਿੱਚ ਅਤੇ ਜਿਹੜੀ ਹੇਠਾਂ ਧਰਤੀ ਉੱਤੇ ਅਤੇ ਜਿਹੜੀ ਧਰਤੀ ਦੇ ਹੇਠਲੇ ਪਾਣੀਆਂ ਵਿੱਚ ਹੈ। ਨਾ ਤੂੰ ਉਹਨਾਂ ਦੇ ਅੱਗੇ ਮੱਥਾ ਟੇਕ, ਨਾ ਉਹਨਾਂ ਦੀ ਪੂਜਾ ਕਰ ਕਿਉਂ ਜੋ ਮੈਂ ਯਹੋਵਾਹ ਤੇਰਾ ਪਰਮੇਸ਼ੁਰ ਅਣਖ ਵਾਲਾ ਪਰਮੇਸ਼ੁਰ ਹਾਂ ਜਿਹੜਾ ਪੁਰਖਿਆਂ ਦੀ ਬੁਰਿਆਈ ਨੂੰ ਬੱਚਿਆਂ ਉੱਤੇ ਅਤੇ ਆਪਣੇ ਵੈਰੀਆਂ ਦੀ ਤੀਜੀ ਅਤੇ ਚੌਥੀ ਪੀੜ੍ਹੀ ਉੱਤੇ ਲਿਆਉਂਦਾ ਹਾਂ। ਪਰ ਹਜ਼ਾਰਾਂ ਉੱਤੇ ਜਿਹੜੇ ਮੇਰੇ ਨਾਲ ਪ੍ਰੇਮ ਰੱਖਦੇ ਅਤੇ ਮੇਰੇ ਹੁਕਮਾਂ ਨੂੰ ਮੰਨਦੇ ਹਨ ਦਯਾ ਕਰਦਾ ਹਾਂ। ਤੂੰ ਯਹੋਵਾਹ ਆਪਣੇ ਪਰਮੇਸ਼ੁਰ ਦਾ ਨਾਮ ਵਿਅਰਥ ਨਾ ਲੈ ਕਿਉਂਕਿ ਜੋ ਕੋਈ ਉਹ ਦਾ ਨਾਮ ਵਿਅਰਥ ਲੈਂਦਾ ਹੈ ਯਹੋਵਾਹ ਉਸ ਨੂੰ ਨਿਰਦੋਸ਼ ਨਾ ਠਹਿਰਾਵੇਗਾ। ਤੂੰ ਸਬਤ ਦੇ ਦਿਨ ਨੂੰ ਪਵਿੱਤਰ ਜਾਣ ਕੇ ਯਾਦ ਰੱਖ। ... ਤੂੰ ਆਪਣੇ ਪਿਤਾ ਅਤੇ ਆਪਣੀ ਮਾਤਾ ਦਾ ਆਦਰ ਕਰ ਤਾਂ ਜੋ ਉਸ ਦੇਸ਼ ਵਿੱਚ ਜਿਹੜਾ ਯਹੋਵਾਹ ਤੇਰਾ ਪਰਮੇਸ਼ੁਰ ਤੈਨੂੰ ਦਿੰਦਾ ਹੈ, ਤੇਰੀ ਉਮਰ ਲੰਮੀ ਹੋਵੇ। ਤੂੰ ਖ਼ੂਨ ਨਾ ਕਰ। ਤੂੰ ਵਿਭਚਾਰ ਨਾ ਕਰ। ਤੂੰ ਚੋਰੀ ਨਾ ਕਰ। ਤੂੰ ਆਪਣੇ ਗੁਆਂਢੀ ਦੇ ਵਿਰੁੱਧ ਝੂਠੀ ਗਵਾਹੀ ਨਾ ਦੇ। ਤੂੰ ਆਪਣੇ ਗੁਆਂਢੀ ਦੇ ਘਰ ਦਾ ਲਾਲਚ ਨਾ ਕਰ। ਤੂੰ ਆਪਣੇ ਗੁਆਂਢੀ ਦੀ ਪਤਨੀ ਦੀ ਲਾਲਸਾ ਨਾ ਕਰ, ਨਾ ਉਹ ਦੇ ਦਾਸ ਦੀ, ਨਾ ਉਹ ਦੀ ਦਾਸੀ ਦੀ, ਨਾ ਉਹ ਦੇ ਬਲ਼ਦ ਦੀ, ਨਾ ਉਹ ਦੇ ਗਧੇ ਦੀ, ਨਾ ਕਿਸੇ ਚੀਜ਼ ਦੀ ਜਿਹੜੀ ਤੇਰੇ ਗੁਆਂਢੀ ਦੀ ਹੈ। ... ਤਦ ਮੂਸਾ ਨੇ ਪਰਜਾ ਨੂੰ ਆਖਿਆ, ਨਾ ਡਰੋ ਕਿਉਂ ਜੋ ਪਰਮੇਸ਼ੁਰ ਇਸ ਲਈ ਆਇਆ ਹੈ ਕਿ ਤੁਹਾਨੂੰ ਪਰਤਾਵੇ ਅਤੇ ਉਸ ਦਾ ਭੈਅ ਤੁਹਾਡੇ ਅੱਗੇ ਰਹੇ ਤਾਂ ਜੋ ਤੁਸੀਂ ਪਾਪ ਨਾ ਕਰੋ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਯਹੋਸ਼ੁਆ 1:7-11 (IRV)

# ਤੂੰ ਤਕੜਾ ਹੋ ਅਤੇ ਵੱਡਾ ਹੌਂਸਲਾ ਰੱਖ... ਤੂੰ ਦਿਨ ਰਾਤ ਇਸ ਉੱਤੇ ਧਿਆਨ ਕਰ... ਯਹੋਵਾਹ ਤੇਰਾ ਪਰਮੇਸ਼ੁਰ ਜਿੱਥੇ ਤੂੰ ਜਾਵੇਂ ਤੇਰੇ ਅੰਗ-ਸੰਗ ਹੈ

ਤੂੰ ਤਕੜਾ ਹੋ ਅਤੇ ਵੱਡਾ ਹੌਂਸਲਾ ਰੱਖ, ਮੇਰੇ ਦਾਸ ਮੂਸਾ ਨੇ ਜੋ ਬਿਵਸਥਾ ਤੈਨੂੰ ਦਿੱਤੀ ਸਾਵਧਾਨੀ ਨਾਲ ਉਸ ਦੀ ਪਾਲਣਾ ਕਰ, ਉਸ ਤੋਂ ਸੱਜੇ ਜਾਂ ਖੱਬੇ ਨਾ ਮੁੜੀਂ ਤਾਂ ਜੋ ਜਿੱਥੇ ਤੂੰ ਜਾਵੇਂ ਤੂੰ ਸਫ਼ਲ ਹੋਵੇਂਗਾ। ਇਹ ਬਿਵਸਥਾ ਦੀ ਪੋਥੀ ਤੇਰੇ ਮਨ ਤੋਂ ਕਦੇ ਵੱਖਰੀ ਨਾ ਹੋਵੇ ਸਗੋਂ ਤੂੰ ਦਿਨ ਰਾਤ ਇਸ ਉੱਤੇ ਧਿਆਨ ਕਰ ਤਾਂ ਜੋ ਉਸ ਦੇ ਅਨੁਸਾਰ ਜੋ ਉਸ ਵਿੱਚ ਲਿਖਿਆ ਹੈ, ਤੂੰ ਚੱਲੇਂ ਅਤੇ ਉਸ ਨੂੰ ਪੂਰਾ ਕਰੇਂ ਤਾਂ ਤੂੰ ਆਪਣੇ ਮਾਰਗ ਨੂੰ ਸਫ਼ਲ ਬਣਾਵੇਂਗਾ, ਅਤੇ ਤੂੰ ਪ੍ਰਭਾਵਸ਼ਾਲੀ ਹੋਵੇਂਗਾ। ਕੀ ਮੈਂ ਤੈਨੂੰ ਹੁਕਮ ਨਹੀਂ ਦਿੱਤਾ? ਤਕੜਾ ਹੋ ਅਤੇ ਹੌਂਸਲਾ ਰੱਖ, ਨਾ ਕੰਬ ਅਤੇ ਨਾ ਘਬਰਾ ਕਿਉਂ ਜੋ ਯਹੋਵਾਹ ਤੇਰਾ ਪਰਮੇਸ਼ੁਰ ਜਿੱਥੇ ਤੂੰ ਜਾਵੇਂ ਤੇਰੇ ਅੰਗ-ਸੰਗ ਹੈ। ਯਹੋਸ਼ੁਆ ਨੇ ਲੋਕਾਂ ਦੇ ਅਧਿਕਾਰੀਆਂ ਨੂੰ ਹੁਕਮ ਦਿੱਤਾ, ਡੇਰਿਆਂ ਦੇ ਵਿੱਚੋਂ ਦੀ ਲੰਘੋ ਅਤੇ ਲੋਕਾਂ ਨੂੰ ਇਹ ਹੁਕਮ ਦਿਓ ਕਿ ਤੁਸੀਂ ਆਪਣੇ ਲਈ ਭੋਜਨ ਤਿਆਰ ਕਰੋ, ਕਿਉਂ ਜੋ ਤਿੰਨ ਦਿਨ ਤੋਂ ਬਾਅਦ ਤੁਸੀਂ ਇਸ ਯਰਦਨ ਦੇ ਪਾਰ ਲੰਘੋਗੇ ਤਾਂ ਜੋ ਉਸ ਦੇਸ ਉੱਤੇ ਕਬਜ਼ਾ ਕਰੋ, ਜਿਹੜਾ ਯਹੋਵਾਹ ਤੁਹਾਡਾ ਪਰਮੇਸ਼ੁਰ ਤੁਹਾਡੇ ਅਧਿਕਾਰ ਵਿੱਚ ਕਰਨ ਵਾਲਾ ਹੈ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

*1 ਸਮੂਏਲ 16:7; 2 ਸਮੂਏਲ 7:18, 13, 23, 22 (IRV)*

# ਮਨੁੱਖ ਤਾਂ ਬਾਹਰਲਾ ਰੂਪ ਵੇਖਦਾ ਹੈ ਪਰ ਯਹੋਵਾਹ ਦਿਲ ਨੂੰ ਵੇਖਦਾ ਹੈ

ਪਰ ਯਹੋਵਾਹ ਨੇ ਸਮੂਏਲ ਨੂੰ ਆਖਿਆ, ਉਹ ਦੇ ਮੂੰਹ ਉੱਤੇ ਅਤੇ ਉਹ ਦੇ ਕੱਦ ਵੱਲ ਨਾ ਵੇਖ ਕਿਉਂ ਜੋ ਉਸ ਨੂੰ ਮੈਂ ਸਵੀਕਾਰ ਨਹੀਂ ਕੀਤਾ, ਯਹੋਵਾਹ ਦਾ ਵੇਖਣਾ ਮਨੁੱਖਾਂ ਵਰਗਾ ਨਹੀਂ। ਮਨੁੱਖ ਤਾਂ ਬਾਹਰਲਾ ਰੂਪ ਵੇਖਦਾ ਹੈ ਪਰ ਯਹੋਵਾਹ ਦਿਲ ਨੂੰ ਵੇਖਦਾ ਹੈ। … ਤਦ ਦਾਊਦ ਰਾਜਾ ਅੰਦਰ ਗਿਆ ਅਤੇ ਯਹੋਵਾਹ ਦੇ ਹਜ਼ੂਰ ਬੈਠ ਕੇ ਆਖਿਆ, ਹੇ ਪ੍ਰਭੂ ਯਹੋਵਾਹ, ਮੈਂ ਕੌਣ ਹਾਂ, ਅਤੇ ਮੇਰਾ ਘਰਾਣਾ ਕੀ ਹੈ ਜੋ ਤੂੰ ਮੈਨੂੰ ਐਥੋਂ ਤੱਕ ਪਹੁੰਚਾ ਦਿੱਤਾ ਹੈ? … ਉਹ ਮੇਰੇ ਨਾਮ ਦਾ ਇੱਕ ਭਵਨ ਬਣਾਵੇਗਾ ਅਤੇ ਮੈਂ ਉਸ ਦੀ ਰਾਜ ਗੱਦੀ ਨੂੰ ਸਦੀਪਕ ਕਾਲ ਤੱਕ ਸਥਿਰ ਰੱਖਾਂਗਾ। … ਅਤੇ ਇਸ ਸੰਸਾਰ ਵਿੱਚ ਤੇਰੀ ਪਰਜਾ ਇਸਰਾਏਲ ਦੇ ਵਰਗੀ ਕਿਹੜੀ ਕੌਮ ਹੈ, ਜਿਸ ਦੇ ਬਚਾਉਣ ਨੂੰ ਪਰਮੇਸ਼ੁਰ ਆਪ ਗਿਆ ਕਿ ਉਹ ਨੂੰ ਆਪਣੀ ਪਰਜਾ ਬਣਾਵੇ ਅਤੇ ਤੁਹਾਡੇ ਅਤੇ ਤੇਰੇ ਦੇਸ਼ ਦੇ ਲਈ ਵੱਡੀਆਂ ਤੇ ਡਰਾਉਣੀਆਂ ਸ਼ਕਤੀਆਂ ਆਪਣੀ ਪਰਜਾ ਦੇ ਅੱਗੇ ਵਿਖਾਵੇ, ਜਿਸ ਨੂੰ ਤੂੰ ਮਿਸਰ ਤੋਂ, ਕੌਮਾਂ ਤੇ ਅਤੇ ਉਨ੍ਹਾਂ ਦੇ ਦੇਵਤਿਆਂ ਤੋਂ ਆਪਣੇ ਲਈ ਛੁਟਕਾਰਾ ਦਿੱਤਾ? … ਇਸ ਲਈ ਹੇ ਯਹੋਵਾਹ ਪਰਮੇਸ਼ੁਰ, ਤੂੰ ਵੱਡਾ ਹੈਂ ਕਿਉਂ ਜੋ ਜਿੱਥੋਂ ਤੱਕ ਅਸੀਂ ਆਪਣੇ ਕੰਨਾਂ ਨਾਲ ਸੁਣਿਆ ਹੈ ਤੇਰੇ ਤੁੱਲ ਕੋਈ ਨਹੀਂ ਅਤੇ ਤੇਰੇ ਤੋਂ ਬਿਨ੍ਹਾਂ ਹੋਰ ਕੋਈ ਪਰਮੇਸ਼ੁਰ ਨਹੀਂ ਹੈ।

**Spiritual Warfare Cards.com**

*Indian Revised Version · CC BY-SA 4.0 · Bridge Connectivity Solutions*

# ਆਪਣੇ ਨੇਮ ਦੀ ਪਾਲਨਾ ਕਰਦਾ ਹੈਂ ਅਤੇ ਉਨ੍ਹਾਂ ਉੱਤੇ ਦਯਾ ਕਰਦਾ ਹੈਂ... ਮੈਂ ਇਸਰਾਏਲੀਆਂ ਦੇ ਪਾਪਾਂ ਨੂੰ ਜਿਹੜੇ ਅਸੀਂ ਤੇਰੇ ਵਿਰੁੱਧ ਕੀਤੇ ਹਨ ਮੰਨ ਲੈਂਦਾ ਹਾਂ... ਅਸੀਂ ਤੇਰੇ ਵਿਰੁੱਧ ਬਹੁਤ ਬੁਰਿਆਈ ਕੀਤੀ ਹੈ

ਇਹ ਗੱਲਾਂ ਸੁਣਦੇ ਹੀ ਮੈਂ ਬੈਠ ਕੇ ਰੋਣ ਲੱਗ ਪਿਆ ਅਤੇ ਮੈਂ ਕਈ ਦਿਨਾਂ ਤੱਕ ਵਿਰਲਾਪ ਕਰਦਾ ਰਿਹਾ ਅਤੇ ਸਵਰਗ ਦੇ ਪਰਮੇਸ਼ੁਰ ਦੇ ਸਨਮੁਖ ਵਰਤ ਰੱਖਿਆ ਅਤੇ ਇਹ ਆਖ ਕੇ ਪ੍ਰਾਰਥਨਾ ਕੀਤੀ, "ਹੇ ਸਵਰਗ ਦੇ ਪਰਮੇਸ਼ੁਰ ਯਹੋਵਾਹ, ਹੇ ਮਹਾਨ ਅਤੇ ਭੈਅ ਯੋਗ ਪਰਮੇਸ਼ੁਰ! ਤੂੰ ਜੋ ਆਪਣੇ ਪ੍ਰੇਮੀਆਂ ਅਤੇ ਆਪਣੇ ਹੁਕਮ ਮੰਨਣ ਵਾਲਿਆਂ ਨਾਲ ਆਪਣੇ ਨੇਮ ਦੀ ਪਾਲਨਾ ਕਰਦਾ ਹੈਂ ਅਤੇ ਉਨ੍ਹਾਂ ਉੱਤੇ ਦਯਾ ਕਰਦਾ ਹੈਂ, ਤੇਰੇ ਕੰਨ ਲੱਗੇ ਰਹਿਣ ਅਤੇ ਤੇਰੀਆਂ ਅੱਖਾਂ ਖੁੱਲ੍ਹੀਆਂ ਰਹਿਣ ਅਤੇ ਇਸ ਸਮੇਂ ਜੋ ਪ੍ਰਾਰਥਨਾ ਮੈਂ ਤੇਰਾ ਦਾਸ ਤੇਰੇ ਦਾਸਾਂ ਇਸਰਾਏਲੀਆਂ ਦੇ ਲਈ ਦਿਨ ਰਾਤ ਕਰਦਾ ਰਹਿੰਦਾ ਹਾਂ, ਉਸ ਨੂੰ ਤੂੰ ਸੁਣ ਲੈ। ਮੈਂ ਇਸਰਾਏਲੀਆਂ ਦੇ ਪਾਪਾਂ ਨੂੰ ਜਿਹੜੇ ਅਸੀਂ ਤੇਰੇ ਵਿਰੁੱਧ ਕੀਤੇ ਹਨ ਮੰਨ ਲੈਂਦਾ ਹਾਂ। ਹਾਂ, ਮੈਂ ਅਤੇ ਮੇਰੇ ਪੁਰਖਿਆਂ ਦੇ ਘਰਾਣੇ ਨੇ ਤੇਰੇ ਵਿਰੁੱਧ ਪਾਪ ਕੀਤਾ ਹੈ। ਅਸੀਂ ਤੇਰੇ ਵਿਰੁੱਧ ਬਹੁਤ ਬੁਰਿਆਈ ਕੀਤੀ ਹੈ, ਅਤੇ ਅਸੀਂ ਉਨ੍ਹਾਂ ਹੁਕਮਾਂ, ਬਿਧੀਆਂ ਅਤੇ ਨਿਯਮਾਂ ਨੂੰ ਜਿਹੜੇ ਤੂੰ ਆਪਣੇ ਦਾਸ ਮੂਸਾ ਨੂੰ ਦਿੱਤੇ ਸਨ, ਨਹੀਂ ਮੰਨਿਆ। ਉਸ ਬਚਨ ਨੂੰ ਯਾਦ ਕਰ, ਜਿਸ ਦਾ ਤੂੰ ਆਪਣੇ ਦਾਸ ਮੂਸਾ ਨੂੰ ਹੁਕਮ ਦਿੱਤਾ ਸੀ, 'ਜੇ ਤੁਸੀਂ ਧੋਖਾ ਕਰੋਗੇ ਤਾਂ ਮੈਂ ਤੁਹਾਨੂੰ ਦੇਸ਼-ਦੇਸ਼ ਦੇ ਲੋਕਾਂ ਵਿੱਚ ਖਿਲਾਰ ਦਿਆਂਗਾ, ਪਰ ਜੇ ਤੁਸੀਂ ਮੇਰੀ ਵੱਲ ਮੁੜੋ ਅਤੇ ਮੇਰੇ ਹੁਕਮਾਂ ਨੂੰ ਮੰਨੋ ਅਤੇ ਉਨ੍ਹਾਂ ਦੀ ਪਾਲਨਾ ਕਰੋ, ਤੁਹਾਡੇ ਵਿੱਚੋਂ ਕੱਢੇ ਹੋਏ ਲੋਕ ਆਕਾਸ਼ ਦੇ ਆਖਰੀ ਸਿਰੇ ਤੇ ਹੋਣ, ਤਾਂ ਵੀ ਮੈਂ ਉੱਥੋਂ ਉਹਨਾਂ ਨੂੰ ਇਕੱਠੇ ਕਰ ਕੇ ਉਸ ਸਥਾਨ ਵਿੱਚ ਲਿਆਵਾਂਗਾ, ਜਿਹੜਾ ਮੈਂ ਆਪਣਾ ਨਾਮ ਵਸਾਉਣ ਲਈ ਚੁਣ ਲਿਆ ਹੈ' ਹੁਣ ਉਹ ਤੇਰੇ ਦਾਸ ਅਤੇ ਤੇਰੀ ਪਰਜਾ ਹਨ, ਜਿਨ੍ਹਾਂ ਨੂੰ ਤੂੰ ਵੱਡੇ ਬਲ ਅਤੇ ਤਕੜੇ ਹੱਥ ਨਾਲ ਛੁਟਕਾਰਾ ਦਿੱਤਾ ਹੈ। ਹੇ ਪਰਮੇਸ਼ੁਰ ਮੇਰੀ ਬੇਨਤੀ ਹੈ ਕਿ ਤੂੰ ਆਪਣੇ ਦਾਸ ਦੀ ਪ੍ਰਾਰਥਨਾ ਵੱਲ ਕੰਨ ਲਾ ਅਤੇ ਆਪਣੇ ਉਨ੍ਹਾਂ ਦਾਸਾਂ ਦੀ ਪ੍ਰਾਰਥਨਾ ਵੱਲ ਵੀ ਜਿਹੜੇ ਤੇਰੇ ਨਾਮ ਤੋਂ ਡਰਨ ਦੇ ਚਾਹਵੰਦ ਹਨ, ਅਤੇ ਅੱਜ ਤੂੰ ਆਪਣੇ ਦਾਸ ਨੂੰ ਸਫ਼ਲ ਕਰ ਅਤੇ ਉਸ ਮਨੁੱਖ ਦੇ ਅੱਗੇ ਮੈਨੂੰ ਦਯਾ ਦਾ ਭਾਗੀ ਬਣਾ।" ਮੈਂ ਤਾਂ ਰਾਜਾ ਦਾ ਸਾਕੀ ਸੀ।



*Indian Revised Version · CC BY-SA 4.0 · Bridge Connectivity Solutions*

ਜ਼ਬੂਰ *1:1-6 (IRV)*

# ਯਹੋਵਾਹ ਧਰਮੀਆਂ ਦਾ ਰਾਹ ਜਾਣਦਾ ਹੈ, ਪਰ ਦੁਸ਼ਟਾਂ ਦਾ ਰਾਹ ਨਾਸ ਹੋ ਜਾਵੇਗਾ

**ਧੰਨ ਹੈ ਉਹ ਮਨੁੱਖ ਜਿਹੜਾ ਦੁਸ਼ਟਾਂ ਦੀ ਸਮਝ ਉੱਤੇ ਨਹੀਂ ਚੱਲਦਾ, ਨਾ ਪਾਪੀਆਂ ਦੇ ਰਾਹ ਵਿੱਚ ਖੜ੍ਹਾ ਹੁੰਦਾ, ਅਤੇ ਨਾ ਮਖ਼ੌਲੀਆਂ ਦੀ ਮੰਡਲੀ ਵਿੱਚ ਬੈਠਦਾ ਹੈ! ਪਰ ਉਹ ਯਹੋਵਾਹ ਦੀ ਬਿਵਸਥਾ ਵਿੱਚ ਮਗਨ ਰਹਿੰਦਾ; ਅਤੇ ਦਿਨ ਰਾਤ ਉਸ ਦੀ ਬਿਵਸਥਾ ਉੱਤੇ ਧਿਆਨ ਕਰਦਾ ਹੈ। ਉਹ ਤਾਂ ਉਸ ਦਰਖ਼ਤ ਵਰਗਾ ਹੋਵੇਗਾ, ਜਿਹੜਾ ਵਗਦੇ ਪਾਣੀਆਂ ਉੱਤੇ ਲਾਇਆ ਹੋਇਆ ਹੈ, ਜਿਹੜਾ ਰੁੱਤ ਸਿਰ ਆਪਣਾ ਫਲ ਦਿੰਦਾ ਹੈ, ਜਿਸ ਦੇ ਪੱਤੇ ਨਹੀਂ ਕੁਮਲਾਉਂਦੇ, ਅਤੇ ਜੋ ਕੁਝ ਉਹ ਕਰੇ ਉਹ ਸਫ਼ਲ ਹੁੰਦਾ ਹੈ। ਦੁਸ਼ਟ ਅਜਿਹੇ ਨਹੀਂ ਹੁੰਦੇ ਪਰ ਉਹ ਘਾਹ-ਫੂਸ ਵਰਗੇ ਹੁੰਦੇ ਹਨ, ਜਿਸ ਨੂੰ ਪੌਣ ਉਡਾ ਲੈ ਜਾਂਦੀ ਹੈ। ਇਸ ਲਈ ਦੁਸ਼ਟ ਨਿਆਂ ਵਿੱਚ ਖੜੇ ਨਹੀਂ ਰਹਿ ਸਕਣਗੇ, ਨਾ ਪਾਪੀ ਧਰਮੀਆਂ ਦੀ ਮੰਡਲੀ ਵਿੱਚ, ਕਿਉਂ ਜੋ ਯਹੋਵਾਹ ਧਰਮੀਆਂ ਦਾ ਰਾਹ ਜਾਣਦਾ ਹੈ, ਪਰ ਦੁਸ਼ਟਾਂ ਦਾ ਰਾਹ ਨਾਸ ਹੋ ਜਾਵੇਗਾ।**

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਜ਼ਬੂਰ 4:1-8 (IRV)

# ਯਹੋਵਾਹ ਨੇ ਪਵਿੱਤਰ ਜਨ ਨੂੰ ਆਪਣੇ ਲਈ ਵੱਖਰਾ ਕਰ ਰੱਖਿਆ ਹੈ... ਮੈਂ ਸ਼ਾਂਤੀ ਨਾਲ ਲੇਟਦਿਆਂ ਹੀ ਸੌਂ ਜਾਂਵਾਂਗਾ... ਤੂੰ ਹੀ ਮੈਨੂੰ ਸ਼ਾਂਤੀ ਵਿੱਚ ਵਸਾਉਂਦਾ ਹੈਂ

---

ਜਦੋਂ ਮੈਂ ਤੈਨੂੰ ਪੁਕਾਰਾਂ, ਤੂੰ ਮੈਨੂੰ ਉੱਤਰ ਦੇ, ਹੇ ਮੇਰੇ ਧਰਮ ਦੇ ਪਰਮੇਸ਼ੁਰ। ਜਦ ਮੈਂ ਮੁਸੀਬਤ ਵਿੱਚ ਸੀ, ਤੂੰ ਮੈਨੂੰ ਖੁੱਲ੍ਹ ਦਿੱਤੀ, ਮੇਰੇ ਉੱਤੇ ਦਯਾ ਕਰ ਕੇ ਮੇਰੀ ਪ੍ਰਾਰਥਨਾ ਸੁਣ ਲੈ। ਹੇ ਮਨੁੱਖ ਦੇ ਪੁੱਤਰੋ, ਤੁਸੀਂ ਕਦੋਂ ਤੱਕ ਮੇਰੀ ਮਹਿਮਾ ਦਾ ਅਨਾਦਰ ਕਰੋਗੇ, ਵਿਅਰਥ ਨਾਲ ਪ੍ਰੀਤ ਲਾਓਗੇ, ਝੂਠ ਨੂੰ ਭਾਲੋਗੇ? ਸਲਹ। ਪਰ ਇਹ ਜਾਣੋ ਕਿ ਯਹੋਵਾਹ ਨੇ ਪਵਿੱਤਰ ਜਨ ਨੂੰ ਆਪਣੇ ਲਈ ਵੱਖਰਾ ਕਰ ਰੱਖਿਆ ਹੈ। ਜਦੋਂ ਮੈਂ ਉਹ ਨੂੰ ਪੁਕਾਰਾਂ ਯਹੋਵਾਹ ਮੇਰੀ ਸੁਣੇਗਾ। ਕੰਬ ਜਾਓ ਅਤੇ ਪਾਪ ਨਾ ਕਰੋ, ਆਪਣਿਆਂ ਬਿਸਤਰਿਆਂ ਉੱਤੇ ਆਪਣੇ ਮਨਾਂ ਵਿੱਚ ਸੋਚੋ ਅਤੇ ਚੁੱਪ ਰਹੋ। ਸਲਹ। ਧਰਮ ਦੇ ਬਲੀਦਾਨ ਚੜ੍ਹਾਓ, ਅਤੇ ਯਹੋਵਾਹ ਉੱਤੇ ਆਸ ਰੱਖੋ। ਬਹੁਤੇ ਇਹ ਆਖਦੇ ਹਨ ਕਿ ਸਾਨੂੰ ਕੌਣ ਕੁਝ ਭਲਿਆਈ ਵਿਖਾਵੇਗਾ? ਹੇ ਯਹੋਵਾਹ, ਆਪਣੇ ਮੁੱਖੜੇ ਨੂੰ ਸਾਡੇ ਉੱਤੇ ਚਮਕਾ। ਤੂੰ ਮੇਰੇ ਮਨ ਵਿੱਚ ਉਨ੍ਹਾਂ ਦੇ ਨਾਲੋਂ, ਜਦੋਂ ਦਾਣੇ ਅਤੇ ਦਾਖਰਸ ਬਹੁਤ ਹੋ ਗਏ ਹਨ, ਵਧੇਰੇ ਅਨੰਦ ਪਾ ਦਿੱਤਾ ਹੈ। ਮੈਂ ਸ਼ਾਂਤੀ ਨਾਲ ਲੇਟਦਿਆਂ ਹੀ ਸੌਂ ਜਾਂਵਾਂਗਾ, ਕਿਉਂ ਜੋ ਹੇ ਯਹੋਵਾਹ, ਤੂੰ ਹੀ ਮੈਨੂੰ ਸ਼ਾਂਤੀ ਵਿੱਚ ਵਸਾਉਂਦਾ ਹੈਂ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਜ਼ਬੂਰ 15:1-5 (IRV)

# ਜਿਹੜਾ ਸਿੱਧੀ ਚਾਲ ਚੱਲਦਾ, ਨੇਕੀ ਕਰਦਾ... ਮਨੋਂ ਸੱਚ ਬੋਲਦਾ ਹੈ... ਜਿਹੜਾ ਅਜਿਹਾ ਕਰਦਾ ਹੈ ਉਹ ਕਦੀ ਵੀ ਨਹੀਂ ਡੋਲੇਗਾ

---

ਹੇ ਯਹੋਵਾਹ, ਤੇਰੇ ਡੇਰੇ ਵਿੱਚ ਕੌਣ ਰਹਿ ਸਕੇਗਾ? ਤੇਰੇ ਪਵਿੱਤਰ ਪਰਬਤ ਉੱਤੇ ਕੌਣ ਵੱਸੇਗਾ? ਉਹੋ ਜਿਹੜਾ ਸਿੱਧੀ ਚਾਲ ਚੱਲਦਾ, ਨੇਕੀ ਕਰਦਾ, ਅਤੇ ਮਨੋਂ ਸੱਚ ਬੋਲਦਾ ਹੈ, ਉਹ ਜਿਹੜਾ ਆਪਣੀ ਜੀਭ ਨਾਲ ਚੁਗਲੀ ਨਹੀਂ ਕਰਦਾ, ਨਾ ਆਪਣੇ ਸਾਥੀ ਦਾ ਬੁਰਾ ਕਰਦਾ, ਅਤੇ ਨਾ ਆਪਣੇ ਗੁਆਂਢੀ ਨੂੰ ਉਲਾਹਮਾ ਦਿੰਦਾ ਹੈ। ਜਿਸ ਦੀਆਂ ਅੱਖਾਂ ਵਿੱਚ ਨਿਕੰਮਾ ਮਨੁੱਖ ਤੁੱਛ ਹੈ, ਪਰ ਯਹੋਵਾਹ ਤੋਂ ਭੈਅ ਮੰਨਣ ਵਾਲਿਆਂ ਦਾ ਆਦਰ ਕਰਦਾ ਹੈ। ਜਿਹੜਾ ਸਹੁੰ ਖਾ ਕੇ ਮੁੱਕਰਦਾ ਨਹੀਂ, ਭਾਵੇਂ ਉਹ ਨੂੰ ਘਾਟਾ ਵੀ ਪਵੇ, ਉਹ ਜਿਹੜਾ ਵਿਆਜ ਦੇ ਲਈ ਆਪਣਾ ਪੈਸਾ ਨਹੀਂ ਦਿੰਦਾ, ਅਤੇ ਨਾ ਨਿਰਦੋਸ਼ ਦੇ ਵਿਰੁੱਧ ਰਿਸ਼ਵਤ ਲੈਂਦਾ ਹੈ, ਜਿਹੜਾ ਅਜਿਹਾ ਕਰਦਾ ਹੈ ਉਹ ਕਦੀ ਵੀ ਨਹੀਂ ਡੋਲੇਗਾ।

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਜ਼ਬੂਰ *13:1-3, 5-6 (IRV)*

# ਮੈਂ ਤੇਰੀ ਦਯਾ ਉੱਤੇ ਭਰੋਸਾ ਰੱਖਿਆ ਹੈ... ਮੈਂ ਯਹੋਵਾਹ ਲਈ ਗਾਵਾਂਗਾ, ਉਸ ਨੇ ਮੇਰੇ ਉੱਤੇ ਪਰਉਪਕਾਰ ਜੋ ਕੀਤਾ ਹੈ

---

**ਹੇ ਯਹੋਵਾਹ, ਤੂੰ ਕਦੋਂ ਤੱਕ ਮੈਨੂੰ ਭੁਲਾ ਛੱਡੇਂਗਾ? ਕੀ ਸਦਾ ਲਈ? ਤੂੰ ਕਦੋਂ ਤੱਕ ਆਪਣਾ ਮੂੰਹ ਮੈਥੋਂ ਲੁਕਾਵੇਂਗਾ? ਮੈਂ ਕਦੋਂ ਤੱਕ ਆਪਣੇ ਮਨ ਵਿੱਚ ਖਿਚੜੀ ਪਕਾਵਾਂ, ਅਤੇ ਸਾਰਾ ਦਿਨ ਆਪਣੇ ਦਿਲ ਵਿੱਚ ਸੋਗ ਕਰਾਂ? ਮੇਰਾ ਵੈਰੀ ਕਦੋਂ ਤੱਕ ਮੇਰੇ ਸਿਰ ਹੁੰਦਾ ਰਹੇ? ਹੇ ਯਹੋਵਾਹ, ਮੇਰੇ ਪਰਮੇਸ਼ੁਰ, ਧਿਆਨ ਦੇ ਕੇ ਮੈਨੂੰ ਉੱਤਰ ਦੇ, ਮੇਰੀਆਂ ਅੱਖਾਂ ਨੂੰ ਚਾਨਣਾ ਦੇ ਕਿਤੇ ਅਜਿਹਾ ਨਾ ਹੋਵੇ ਮੌਤ ਦੀ ਨੀਂਦ ਮੈਨੂੰ ਆ ਪਵੇ, ... ਪਰ ਮੈਂ ਤੇਰੀ ਦਯਾ ਉੱਤੇ ਭਰੋਸਾ ਰੱਖਿਆ ਹੈ, ਮੇਰਾ ਮਨ ਤੇਰੇ ਬਚਾਓ ਉੱਤੇ ਖੁਸ਼ੀ ਮਨਾਵੇਗਾ। ਮੈਂ ਯਹੋਵਾਹ ਲਈ ਗਾਵਾਂਗਾ, ਉਸ ਨੇ ਮੇਰੇ ਉੱਤੇ ਪਰਉਪਕਾਰ ਜੋ ਕੀਤਾ ਹੈ।**

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਜ਼ਬੂਰ 16:1-5, 7-11 (IRV)

# ਯਹੋਵਾਹ ਮੇਰੀ ਵਿਰਾਸਤ ਅਤੇ ਮੇਰੇ ਕਟੋਰੇ ਦਾ ਭਾਗ ਹੈ... ਤੂੰ ਮੈਨੂੰ ਜੀਵਨ ਦਾ ਮਾਰਗ ਵਿਖਾਵੇਂਗਾ

---

ਹੇ ਪਰਮੇਸ਼ੁਰ, ਮੇਰੀ ਰੱਖਿਆ ਕਰ, ਕਿਉਂ ਜੋ ਮੈਂ ਤੇਰੀ ਹੀ ਸ਼ਰਨ ਆਇਆ ਹਾਂ। ਮੈਂ ਯਹੋਵਾਹ ਨੂੰ ਆਖਿਆ ਹੈ ਕਿ ਤੂੰ ਹੀ ਮੇਰਾ ਪ੍ਰਭੂ ਹੈ, ਤੇਰੇ ਤੋਂ ਬਿਨ੍ਹਾਂ ਮੇਰੀ ਕਿਤੇ ਵੀ ਭਲਿਆਈ ਨਹੀਂ। ਪਵਿੱਤਰ ਜਨ ਜਿਹੜੇ ਧਰਤੀ ਉੱਤੇ ਹਨ, ਉਹ ਆਦਰਯੋਗ ਹਨ, ਉਨ੍ਹਾਂ ਵਿੱਚ ਮੇਰੀ ਖੁਸ਼ੀ ਪੂਰੀ ਹੁੰਦੀ ਹੈ। ਜਿਹੜੇ ਦੂਜੇ ਦੇਵਤਿਆਂ ਦੇ ਪਿੱਛੇ ਭੱਜਦੇ ਹਨ, ਉਨ੍ਹਾਂ ਦੇ ਦੁੱਖ ਵੱਧ ਜਾਣਗੇ, ਮੈਂ ਉਨ੍ਹਾਂ ਦੀਆਂ ਲਹੂ ਵਾਲੀਆਂ ਭੇਟਾਂ ਨਹੀਂ ਡੋਲ੍ਹਾਂਗਾ, ਅਤੇ ਨਾ ਆਪਣੇ ਬੁੱਲ੍ਹਾਂ ਉੱਤੇ ਉਨ੍ਹਾਂ ਦੇਵਤਿਆਂ ਦਾ ਨਾਮ ਲਿਆਵਾਂਗਾ। ਯਹੋਵਾਹ ਮੇਰੀ ਵਿਰਾਸਤ ਅਤੇ ਮੇਰੇ ਕਟੋਰੇ ਦਾ ਭਾਗ ਹੈ। ਤੂੰ ਮੇਰੇ ਹਿੱਸੇ ਦਾ ਰਖਵਾਲਾ ਹੈਂ। ... ਮੈਂ ਯਹੋਵਾਹ ਨੂੰ ਧੰਨ ਆਖਾਂਗਾ ਜਿਸ ਨੇ ਮੈਨੂੰ ਸਲਾਹ ਦਿੱਤੀ ਹੈ, ਰਾਤ ਦੇ ਸਮੇਂ ਮੇਰਾ ਦਿਲ ਸਿਖਾਉਂਦਾ ਹੈ। ਮੈਂ ਸਦਾ ਹੀ ਯਹੋਵਾਹ ਨੂੰ ਆਪਣੇ ਅੱਗੇ ਰੱਖਿਆ ਹੈ, ਉਹ ਮੇਰੇ ਸੱਜੇ ਪਾਸੇ ਜੋ ਹੈ ਇਸ ਲਈ ਮੈਂ ਨਾ ਡੋਲਾਂਗਾ। ਇਸ ਕਾਰਨ ਮੇਰਾ ਦਿਲ ਅਨੰਦ ਹੋਇਆ ਅਤੇ ਮੇਰੀ ਰੂਹ ਨਿਹਾਲ ਹੋਈ, ਮੇਰਾ ਸਰੀਰ ਵੀ ਚੈਨ ਵਿੱਚ ਵੱਸੇਗਾ, ਕਿਉਂ ਜੋ ਤੂੰ ਮੇਰੀ ਜਾਨ ਨੂੰ ਪਤਾਲ ਵਿੱਚ ਨਾ ਛੱਡੇਂਗਾ, ਨਾ ਆਪਣੇ ਪਵਿੱਤਰ ਪੁਰਖ ਨੂੰ ਕਬਰ ਵੇਖਣ ਦੇਵੇਗਾ। ਤੂੰ ਮੈਨੂੰ ਜੀਵਨ ਦਾ ਮਾਰਗ ਵਿਖਾਵੇਂਗਾ, ਤੇਰੇ ਹਜ਼ੂਰ ਅਨੰਦ ਦੀ ਭਰਪੂਰੀ ਹੈ, ਤੇਰੇ ਸੱਜੇ ਹੱਥ ਸਦਾ ਖੁਸ਼ੀਆਂ ਹਨ।

**Spiritual Warfare Cards.com**

*Indian Revised Version · CC BY-SA 4.0 · Bridge Connectivity Solutions*

ਜ਼ਬੂਰ 23:1-6 (IRV)

# ਯਹੋਵਾਹ ਮੇਰਾ ਅਯਾਲੀ ਹੈ, ਮੈਨੂੰ ਥੁੜ ਨਹੀਂ ਹੋਵੇਗੀ... ਉਹ ਮੇਰੀ ਜਾਨ ਵਿੱਚ ਜਾਨ ਪਾਉਂਦਾ ਹੈ... ਤੂੰ ਜੋ ਮੇਰੇ ਨਾਲ ਹੈ

---


ਯਹੋਵਾਹ ਮੇਰਾ ਅਯਾਲੀ ਹੈ, ਮੈਨੂੰ ਥੁੜ ਨਹੀਂ ਹੋਵੇਗੀ। ਉਹ ਮੈਨੂੰ ਹਰੇ ਹਰੇ ਘਾਹ ਦੀਆਂ ਜੂਹਾਂ ਵਿੱਚ ਬਿਠਾਉਂਦਾ ਹੈ, ਉਹ ਮੈਨੂੰ ਸੁਖਦਾਇਕ ਪਾਣੀਆਂ ਕੋਲ ਲੈ ਜਾਂਦਾ ਹੈ। ਉਹ ਮੇਰੀ ਜਾਨ ਵਿੱਚ ਜਾਨ ਪਾਉਂਦਾ ਹੈ, ਧਰਮ ਦੇ ਮਾਰਗਾਂ ਵਿੱਚ ਉਹ ਆਪਣੇ ਨਾਮ ਦੇ ਨਮਿੱਤ ਮੇਰੀ ਅਗਵਾਈ ਕਰਦਾ ਹੈ। ਭਾਵੇਂ ਮੈਂ ਮੌਤ ਦੀ ਛਾਂ ਦੀ ਵਾਦੀ ਵਿੱਚ ਫਿਰਾਂ, ਮੈਂ ਕਿਸੇ ਬਦੀ ਤੋਂ ਨਹੀਂ ਡਰਾਂਗਾ, ਤੂੰ ਜੋ ਮੇਰੇ ਨਾਲ ਹੈ। ਤੇਰੀ ਸੋਟੀ ਤੇ ਤੇਰੀ ਲਾਠੀ, ਇਹ ਮੈਨੂੰ ਤਸੱਲੀ ਦਿੰਦੀਆਂ ਹਨ। ਤੂੰ ਮੇਰੇ ਵਿਰੋਧੀਆਂ ਦੇ ਸਨਮੁਖ ਮੇਰੇ ਅੱਗੇ ਮੇਜ਼ ਵਿਛਾਉਂਦਾ ਹੈ, ਤੂੰ ਮੇਰੇ ਸਿਰ ਉੱਤੇ ਤੇਲ ਝੱਸਿਆ ਹੈ, ਮੇਰਾ ਕਟੋਰਾ ਬਰਕਤਾਂ ਨਾਲ ਭਰਿਆ ਹੋਇਆ ਹੈ। ਸੱਚ-ਮੁੱਚ ਭਲਿਆਈ ਅਤੇ ਦਯਾ ਜਿਉਣ ਭਰ ਮੇਰਾ ਪਿੱਛਾ ਕਰਨਗੀਆਂ, ਅਤੇ ਮੈਂ ਸਦਾ ਯਹੋਵਾਹ ਦੇ ਘਰ ਵਿੱਚ ਵਸਾਂਗਾ!

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਕਹਾਉਤਾਂ *1:7; 9:18; 4:23-26 (IRV)*

# ਆਪਣੇ ਮਨ ਦੀ ਵੱਡੀ ਚੌਕਸੀ ਕਰ, ਕਿਉਂ ਜੋ ਜੀਵਨ ਦੀਆਂ ਧਾਰਾਂ ਉਸੇ ਤੋਂ ਨਿੱਕਲਦੀਆਂ ਹਨ



ਯਹੋਵਾਹ ਦਾ ਭੈਅ ਮੰਨਣਾ ਗਿਆਨ ਦਾ ਮੁੱਢ ਹੈ, ਮੂਰਖ ਹੀ ਬੁੱਧ ਅਤੇ ਸਿੱਖਿਆ ਨੂੰ ਤੁੱਛ ਜਾਣਦੇ ਹਨ ... ਪਰ ਉਸ ਰਾਹੀ ਨੂੰ ਪਤਾ ਨਹੀਂ ਕਿ ਮਰੇ ਹੋਏ ਉੱਥੇ ਪਏ ਹਨ, ਅਤੇ ਉਸ ਔਰਤ ਦੇ ਪਰਾਹੁਣੇ ਪਤਾਲ ਦੀਆਂ ਡੂੰਘਿਆਈਆਂ ਵਿੱਚ ਹਨ! ... ਆਪਣੇ ਮਨ ਦੀ ਵੱਡੀ ਚੌਕਸੀ ਕਰ, ਕਿਉਂ ਜੋ ਜੀਵਨ ਦੀਆਂ ਧਾਰਾਂ ਉਸੇ ਤੋਂ ਨਿੱਕਲਦੀਆਂ ਹਨ! ਪੁੱਠੀਆਂ ਗੱਲਾਂ ਆਪਣੇ ਮੂੰਹ ਤੋਂ ਅਤੇ ਟੇਢੀ ਬੋਲੀ ਆਪਣੇ ਬੁੱਲ੍ਹਾਂ ਤੋਂ ਦੂਰ ਰੱਖ। ਤੇਰੀਆਂ ਅੱਖਾਂ ਸਾਹਮਣੇ ਵੱਲ ਹੀ ਵੇਖਦੀਆਂ ਰਹਿਣ ਅਤੇ ਤੇਰੀਆਂ ਪਲਕਾਂ ਅੱਗੇ ਨੂੰ ਲੱਗੀਆਂ ਰਹਿਣ। ਆਪਣੇ ਪੈਰਾਂ ਲਈ ਰਾਹ ਨੂੰ ਪੱਧਰਾ ਕਰ, ਤਾਂ ਤੇਰੇ ਸਾਰੇ ਮਾਰਗ ਕਾਇਮ ਹੋਣਗੇ।



*Indian Revised Version · CC BY-SA 4.0 · Bridge Connectivity Solutions*

ਯਿਰਮਿਯਾਹ 17:5, 7-10 (IRV)

# ਦਿਲ ਸਭ ਚੀਜ਼ਾਂ ਨਾਲੋਂ ਧੋਖੇਬਾਜ਼ ਹੈ... ਮੈਂ ਯਹੋਵਾਹ ਦਿਲ ਨੂੰ ਪਰਖਦਾ ਹਾਂ

ਯਹੋਵਾਹ ਇਸ ਤਰ੍ਹਾਂ ਆਖਦਾ ਹੈ, - ਸਰਾਪ ਉਸ ਮਰਦ ਉੱਤੇ ਜਿਹੜਾ ਆਦਮੀ ਦਾ ਭਰੋਸਾ ਕਰਦਾ ਹੈ, ਅਤੇ ਬਸ਼ਰ ਨੂੰ ਆਪਣੀ ਬਾਂਹ ਬਣਾਉਂਦਾ ਹੈ, ਜਿਹ ਦਾ ਦਿਲ ਯਹੋਵਾਹ ਵੱਲੋਂ ਫਿਰ ਜਾਂਦਾ ਹੈ! ... ਮੁਬਾਰਕ ਹੈ ਉਹ ਮਰਦ ਜਿਹ ਦਾ ਭਰੋਸਾ ਯਹੋਵਾਹ ਉੱਤੇ ਹੈ, ਜਿਹ ਦਾ ਭਰੋਸਾ ਯਹੋਵਾਹ ਹੈ! ਉਹ ਉਸ ਰੁੱਖ ਵਾਂਗੂੰ ਹੈ ਜਿਹੜਾ ਪਾਣੀ ਉੱਤੇ ਲੱਗਿਆ ਹੋਇਆ ਹੈ, ਜਿਹੜਾ ਨਦੀ ਵੱਲ ਆਪਣੀਆਂ ਜੜ੍ਹਾਂ ਫੈਲਾਉਂਦਾ ਹੈ। ਜਦ ਗਰਮੀ ਆਵੇ ਤਾਂ ਉਸ ਨੂੰ ਡਰ ਨਹੀਂ, ਸਗੋਂ ਉਹ ਦੇ ਪੱਤੇ ਹਰੇ ਰਹਿੰਦੇ ਹਨ, ਔੜ ਦੇ ਸਾਲ ਉਹ ਨੂੰ ਚਿੰਤਾ ਨਾ ਹੋਵੇਗੀ, ਨਾ ਉਹ ਫਲ ਲਿਆਉਣ ਤੋਂ ਰੁਕੇਗਾ। ਦਿਲ ਸਭ ਚੀਜ਼ਾਂ ਨਾਲੋਂ ਧੋਖੇਬਾਜ਼ ਹੈ, ਉਹ ਪੁੱਜ ਕੇ ਖ਼ਰਾਬ ਹੈ, ਉਹ ਨੂੰ ਕੌਣ ਜਾਣ ਸਕਦਾ ਹੈ? ਮੈਂ ਯਹੋਵਾਹ ਦਿਲ ਨੂੰ ਪਰਖਦਾ ਹਾਂ, ਅਤੇ ਗੁਰਦਿਆਂ ਨੂੰ ਪਰਤਾਉਂਦਾ ਹਾਂ, ਭਈ ਹਰ ਮਨੁੱਖ ਨੂੰ ਉਹ ਦੇ ਚਾਲ-ਚਲਣ ਅਨੁਸਾਰ, ਅਤੇ ਉਹ ਦੇ ਕੰਮਾਂ ਦੇ ਫਲਾਂ ਅਨੁਸਾਰ ਬਦਲਾ ਦੇ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਯੋਏਲ *2:11-14 (IRV)*

# ਵਰਤ ਰੱਖ ਕੇ ਰੋਂਦੇ ਹੋਏ ਅਤੇ ਛਾਤੀ ਪਿੱਟਦੇ ਹੋਏ ਆਪਣੇ ਸਾਰੇ ਦਿਲ ਨਾਲ ਮੇਰੇ ਵੱਲ ਮੁੜੋ... ਉਹ ਤਾਂ ਦਿਆਲੂ ਅਤੇ ਕਿਰਪਾਲੂ ਹੈ, ਕ੍ਰੋਧ ਵਿੱਚ ਧੀਰਜੀ

---

ਯਹੋਵਾਹ ਦਾ ਦਿਨ ਮਹਾਨ ਅਤੇ ਭਿਆਨਕ ਹੈ! ਕੌਣ ਉਸ ਨੂੰ ਸਹਿ ਸਕਦਾ ਹੈ? ਪਰ ਹੁਣ ਵੀ, ਯਹੋਵਾਹ ਦਾ ਵਾਕ ਹੈ, ਵਰਤ ਰੱਖ ਕੇ ਰੋਂਦੇ ਹੋਏ ਅਤੇ ਛਾਤੀ ਪਿੱਟਦੇ ਹੋਏ ਆਪਣੇ ਸਾਰੇ ਦਿਲ ਨਾਲ ਮੇਰੇ ਵੱਲ ਮੁੜੋ। ਆਪਣੇ ਬਸਤਰ ਨਹੀਂ ਸਗੋਂ ਆਪਣੇ ਦਿਲਾਂ ਨੂੰ ਪਾੜ ਕੇ ਯਹੋਵਾਹ ਆਪਣੇ ਪਰਮੇਸ਼ੁਰ ਵੱਲ ਮੁੜੋ, ਉਹ ਤਾਂ ਦਿਆਲੂ ਅਤੇ ਕਿਰਪਾਲੂ ਹੈ, ਕ੍ਰੋਧ ਵਿੱਚ ਧੀਰਜੀ, ਭਲਿਆਈ ਨਾਲ ਭਰਪੂਰ ਅਤੇ ਦੁੱਖ ਦੇਣ ਤੋਂ ਪਛਤਾਉਂਦਾ ਹੈ। ਕੀ ਜਾਣੀਏ ਭਈ ਉਹ ਮੁੜੇ ਅਤੇ ਪਛਤਾਵੇ ਅਤੇ ਆਪਣੇ ਪਿੱਛੇ ਬਰਕਤ ਛੱਡ ਜਾਵੇ, ਤਾਂ ਜੋ ਮੈਦੇ ਦੀ ਭੇਟ ਅਤੇ ਪੀਣ ਦੀ ਭੇਟ ਤੁਹਾਡੇ ਪਰਮੇਸ਼ੁਰ ਯਹੋਵਾਹ ਲਈ ਹੋਣ?



*Indian Revised Version · CC BY-SA 4.0 · Bridge Connectivity Solutions*

ਓਬਦਯਾਹ 1:3-4, 15, 17 (IRV)

# ਤੇਰੇ ਮਨ ਦੇ ਹੰਕਾਰ ਨੇ ਤੈਨੂੰ ਧੋਖਾ ਦਿੱਤਾ ਹੈ... ਜਿਵੇਂ ਤੂੰ ਕੀਤਾ, ਉਸੇ ਤਰ੍ਹਾਂ ਹੀ ਤੇਰੇ ਨਾਲ ਕੀਤਾ ਜਾਵੇਗਾ



ਹੇ ਚੱਟਾਨਾਂ ਦੀਆਂ ਦਰਾਰਾਂ ਵਿੱਚ ਵੱਸਣ ਵਾਲੇ! ਜਿਸ ਦਾ ਠਿਕਾਣਾ ਉਚਿਆਈ ਵਿੱਚ ਹੈ, ਤੇਰੇ ਮਨ ਦੇ ਹੰਕਾਰ ਨੇ ਤੈਨੂੰ ਧੋਖਾ ਦਿੱਤਾ ਹੈ, ਤੂੰ ਜੋ ਆਪਣੇ ਮਨ ਵਿੱਚ ਆਖਦਾ ਹੈ, ਕੌਣ ਮੈਨੂੰ ਧਰਤੀ ਉੱਤੇ ਲਾਹੇਗਾ? ਭਾਵੇਂ ਤੂੰ ਉਕਾਬ ਵਾਂਗੂੰ ਉੱਚਾ ਚੜ੍ਹ ਜਾਵੇਂ, ਭਾਵੇਂ ਤੇਰਾ ਆਲ੍ਹਣਾ ਤਾਰਿਆਂ ਵਿੱਚ ਰੱਖਿਆ ਹੋਇਆ ਹੋਵੇ, ਪਰ ਉੱਥੋਂ ਵੀ ਮੈਂ ਤੈਨੂੰ ਹੇਠਾਂ ਲਾਹ ਲਵਾਂਗਾ, ਯਹੋਵਾਹ ਦਾ ਵਾਕ ਹੈ। ... ਯਹੋਵਾਹ ਦੇ ਨਿਆਂ ਦਾ ਦਿਨ ਤਾਂ ਸਾਰੀਆਂ ਕੌਮਾਂ ਉੱਤੇ ਨੇੜੇ ਆ ਪਹੁੰਚਿਆ ਹੈ, ਜਿਵੇਂ ਤੂੰ ਕੀਤਾ, ਉਸੇ ਤਰ੍ਹਾਂ ਹੀ ਤੇਰੇ ਨਾਲ ਕੀਤਾ ਜਾਵੇਗਾ, ਤੇਰੀ ਕਰਨੀ ਮੁੜ ਕੇ ਤੇਰੇ ਸਿਰ ਪਵੇਗੀ। ... ਪਰ ਬਚੇ ਹੋਏ ਸੀਯੋਨ ਪਰਬਤ ਵਿੱਚ ਹੋਣਗੇ ਅਤੇ ਉਹ ਪਵਿੱਤਰ ਹੋਵੇਗਾ, ਯਾਕੂਬ ਦਾ ਘਰਾਣਾ ਆਪਣੀ ਵਿਰਾਸਤ ਨੂੰ ਅਧਿਕਾਰ ਵਿੱਚ ਕਰੇਗਾ।

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਨਹੂਮ 1:2-3, 5, 7 (IRV)

# ਯਹੋਵਾਹ ਭਲਾ ਹੈ, ਦੁੱਖ ਦੇ ਦਿਨ ਵਿੱਚ ਇੱਕ ਗੜ੍ਹ ਹੈ... ਉਹ ਆਪਣੇ ਵਿੱਚ ਪਨਾਹ ਲੈਣ ਵਾਲਿਆਂ ਨੂੰ ਜਾਣਦਾ ਹੈ

ਯਹੋਵਾਹ ਅਣਖੀ ਅਤੇ ਬਦਲਾ ਲੈਣ ਵਾਲਾ ਪਰਮੇਸ਼ੁਰ ਹੈ, ਯਹੋਵਾਹ ਬਦਲਾ ਲੈਣ ਵਾਲਾ ਅਤੇ ਕ੍ਰੋਧ ਕਰਨ ਵਾਲਾ ਹੈ, ਯਹੋਵਾਹ ਆਪਣੇ ਵਿਰੋਧੀਆਂ ਤੋਂ ਬਦਲਾ ਲੈਣ ਵਾਲਾ ਹੈ ਅਤੇ ਆਪਣੇ ਵੈਰੀਆਂ ਲਈ ਕ੍ਰੋਧ ਰੱਖਦਾ ਹੈ! ਯਹੋਵਾਹ ਕ੍ਰੋਧ ਵਿੱਚ ਧੀਰਜਵਾਨ ਅਤੇ ਬਲ ਵਿੱਚ ਮਹਾਨ ਹੈ ਅਤੇ ਦੋਸ਼ੀ ਨੂੰ ਕਦੇ ਵੀ ਨਿਰਦੋਸ਼ ਨਾ ਠਹਿਰਾਵੇਗਾ। ਯਹੋਵਾਹ ਦਾ ਰਾਹ ਵਾਵਰੋਲੇ ਅਤੇ ਤੂਫ਼ਾਨ ਵਿੱਚ ਹੈ ਅਤੇ ਬੱਦਲ ਉਹ ਦੇ ਚਰਨਾਂ ਦੀ ਧੂੜ ਹਨ। ... ਪਰਬਤ ਉਹ ਦੇ ਅੱਗੇ ਕੰਬਦੇ ਹਨ, ਟਿੱਲੇ ਪਿਘਲ ਜਾਂਦੇ ਹਨ, ਧਰਤੀ ਉਹ ਦੇ ਅੱਗੇ ਕੰਬ ਜਾਂਦੀ ਹੈ, ਜਗਤ ਅਤੇ ਉਸ ਦੇ ਸਾਰੇ ਵਾਸੀ ਵੀ ਉਸ ਦੇ ਅੱਗੇ ਕੰਬ ਜਾਂਦੇ ਹਨ। ... ਯਹੋਵਾਹ ਭਲਾ ਹੈ, ਦੁੱਖ ਦੇ ਦਿਨ ਵਿੱਚ ਇੱਕ ਗੜ੍ਹ ਹੈ ਅਤੇ ਉਹ ਆਪਣੇ ਵਿੱਚ ਪਨਾਹ ਲੈਣ ਵਾਲਿਆਂ ਨੂੰ ਜਾਣਦਾ ਹੈ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਮੀਕਾਹ 6:6, 8; ਹਬੱਕੂਕ 2:4-5 (IRV)

# ਅਧੀਨ ਹੋ ਕੇ ਆਪਣੇ ਪਰਮੇਸ਼ੁਰ ਨਾਲ ਚੱਲ... ਧਰਮੀ ਆਪਣੇ ਵਿਸ਼ਵਾਸ ਦੇ ਕਾਰਨ ਜੀਉਂਦਾ ਰਹੇਗਾ

---

ਮੈਂ ਕੀ ਲੈ ਕੇ ਯਹੋਵਾਹ ਦੇ ਹਜ਼ੂਰ ਆਵਾਂ, ਅਤੇ ਮਹਾਨ ਪਰਮੇਸ਼ੁਰ ਦੇ ਅੱਗੇ ਝੁਕਾਂ? ਕੀ ਮੈਂ ਹੋਮ ਬਲੀਆਂ ਲਈ ਇੱਕ-ਇੱਕ ਸਾਲ ਦੇ ਵੱਛੇ ਲੈ ਕੇ ਉਹ ਦੇ ਹਜ਼ੂਰ ਆਵਾਂ? ... ਹੇ ਮਨੁੱਖ, ਉਹ ਨੇ ਤੈਨੂੰ ਦੱਸਿਆ ਕਿ ਭਲਾ ਕੀ ਹੈ, ਅਤੇ ਯਹੋਵਾਹ ਤੈਥੋਂ ਹੋਰ ਕੀ ਮੰਗਦਾ ਹੈ, ਸਿਰਫ਼ ਇਹ ਕਿ ਤੂੰ ਇਨਸਾਫ਼ ਕਰ, ਦਯਾ ਨਾਲ ਪ੍ਰੇਮ ਰੱਖ, ਅਤੇ ਅਧੀਨ ਹੋ ਕੇ ਆਪਣੇ ਪਰਮੇਸ਼ੁਰ ਨਾਲ ਚੱਲ? ... ਵੇਖ, ਉਹ ਮਨ ਵਿੱਚ ਫੁੱਲਿਆ ਹੋਇਆ ਹੈ, ਉਹ ਦਾ ਮਨ ਸਿੱਧਾ ਨਹੀਂ ਹੈ, ਪਰ ਧਰਮੀ ਆਪਣੇ ਵਿਸ਼ਵਾਸ ਦੇ ਕਾਰਨ ਜੀਉਂਦਾ ਰਹੇਗਾ। ਮਧ ਧੋਖਾ ਦੇਣ ਵਾਲੀ ਹੈ, ਹੰਕਾਰੀ ਪੁਰਖ ਘਰ ਵਿੱਚ ਨਹੀਂ ਰਹਿੰਦਾ, ਉਹ ਪਤਾਲ ਵਾਂਗੂੰ ਆਪਣੀ ਲਾਲਸਾ ਵਧਾਉਂਦਾ ਹੈ ਅਤੇ ਉਹ ਮੌਤ ਵਰਗਾ ਹੈ ਅਤੇ ਉਹ ਕਦੇ ਨਹੀਂ ਰੱਜਦਾ, ਉਹ ਆਪਣੇ ਲਈ ਸਾਰੀਆਂ ਕੌਮਾਂ ਨੂੰ ਇਕੱਠਿਆਂ ਕਰਦਾ ਹੈ ਅਤੇ ਆਪਣੇ ਲਈ ਸਾਰੀਆਂ ਉੱਮਤਾਂ ਦੇ ਢੇਰ ਲਾਉਂਦਾ ਹੈ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*